ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum (ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਸੋਮਵਾਰ, 1 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੯ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਕਿਸਾਨੀ ਅੰਦੋਲਨ ’ਚ ਅੰਮ੍ਰਿਤਸਰ ਦੇ ਕਿਸਾਨ ਦੀ ਮੌਤ

**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਦੀਆਂ ਸਰਹੱਦਾਂ ਉੱਤੇ ਚੱਲ ਰਹੇ ਕਿਸਾਨੀ ਅੰਦੋਲਨ ਵਿੱਚ ਅੱਜ (31 ਮਾਰਚ) ਇੱਕ ਹੋਰ ਕਿਸਾਨ ਦੀ ਮੌਤ ਹੋ ਗਈ। ਕਿਸਾਨ ਦਿਆ ਸਿੰਘ ਅੰਮ੍ਰਿਤਸਰ ਦੇ ਪਿੰਡ ਦਾ ਰਹਿਣ ਵਾਲਾ ਸੀ ਤੇ ਪਿਛਲੇ ਕਈ ਦਿਨਾਂ ਤੋਂ ਅੰਦੋਲਨ ਵਿੱਚ ਸ਼ਾਮਲ ਸੀ। ਸ਼ੰਭੂ ਸਰਹੱਦ ਉੱਤੇ ਚੱਲ ਰਹੇ ਧਰਨੇ ਦੇ 48ਵੇਂ ਦਿਨ ਦਿਆ ਸਿੰਘ ਮੌਤ ਹੋ ਗਈ ਜਿਸ ਦੀ ਵਜ੍ਹਾ ਦਿਲ ਦਾ ਦੌਰਾ ਦੱਸਿਆ ਜਾ ਰਿਹਾ ਹੈ ਹਾਲਾਂਕਿ ਇਸ ਦੇ ਅਸਲੀ ਕਾਰਨਾਂ ਦਾ ਖ਼ੁਲਾਸਾ ਪੋਸਟਮਾਰਟਮ ਰਿਪੋਰਟ ਤੋਂ ਬਾਅਦ ਹੀ ਹੋਵੇਗਾ। ਦਿਆ ਸਿੰਘ ਦੀ ਉਮਰ 71 ਸਾਲ ਦੀ ਸੀ ਤੇ ਉਹ ਪਿਛਲੇ ਕਈ ਦਿਨਾਂ ਤੋਂ ਸ਼ੰਭੂ ਸਰਹੱਦ ਉੱਤੇ ਧਰਨਾ ਦੇ ਰਿਹਾ ਸੀ। ਦਿਆ ਸਿੰਘ ਫੌਜ ਤੋਂ ਸੇਵਾ ਮੁਕਤ ਹੋਇਆ ਸੀ ਤੇ ਅੰਦੋਲਨ ਵਿੱਚ ਹਿੱਸਾ ਲੈ ਰਿਹਾ ਸੀ। ਉਸ ਕੋਲ 10 ਵਿੱਘੇ ਜ਼ਮੀਨ ਸੀ ਜਿਸ ਉੱਤੇ ਉਹ ਖੇਤੀ ਕਰਦਾ ਸੀ ਉਸ ਦੇ ਦੋ ਪੁੱਤਰ ਹਨ ਜੋ ਵਿਆਹੇ ਹੋਏ ਹਨ। ਇਸ ਦੌਰਾਨ ਕਿਸਾਨ ਦਿਆ ਸਿੰਘ ਦੀ ਮ੍ਰਿਤਕ ਦੇਹ ਨੂੰ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ ਸ਼ੰਭੂ ਬਾਰਡਰ ਉੱਤੇ 9 ਕਿਸਾਨਾਂ ਦੀ ਮੌਤ ਹੋ ਚੁੱਕੀ ਹੈ ਤੇ ਦਿਆ ਸਿੰਘ ਨੂੰ ਮਿਲਕੇ ਕਿਸਾਨੀ ਅੰਦੋਲਨ ਵਿੱਚ ਮਰਨ ਵਾਲੇ ਕਿਸਾਨਾਂ ਦੀ ਗਿਣਤੀ 10 ਹੋ ਗਈ ਹੈ। ਇਸ ਤੋਂ ਪਹਿਲਾਂ 11 ਮਾਰਚ ਨੂੰ ਬਲਦੇਵ ਸਿੰਘ ਦੀ ਮੌਤ ਹੋ ਗਈ ਸੀ ਜੋ ਕਿ ਖਨੌਰੀ ਸਰਹੱਦ ਉੱਤੇ ਧਰਨਾ ਦੇ ਰਹੇ ਸਨ। ਜ਼ਿਕਰ ਕਰ ਦਈਏ ਕਿ ਸਰਵਨ ਸਿੰਘ ਪੰਧੇਰ ਨੇ ਤੜਕਸਾਰ ਇੱਕ ਵੀਡੀਓ ਵੀ ਸਾਂਝੀ ਕੀਤੀ ਹੈ ਜਿਸ ਵਿੱਚ ਉਨ੍ਹਾਂ ਦੇ ਦਾਅਵਾ ਕੀਤਾ ਹੈ ਕਿ ਸਰਕਾਰ ਝੂਠ ਫੈਲਾਅ ਰਹੀ ਹੈ ਕਿ ਸਰਹੱਦਾਂ ਉੱਤੇ ਕਿਸਾਨ ਨਹੀਂ ਹਨ ਜਦੋਂ ਕਿ ਇੱਥੇ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ਅੱਜ ਵੀ ਧਰਨਾ ਦੇ ਰਹੇ ਹਨ।

## ਲੋਕ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਨੂੰ ਇਕ ਹੋਰ ਝਟਕਾ

# 1,745 ਕਰੋੜ ਰੁਪਏ ਦੇ ਟੈਕਸ ਭੁਗਤਾਨ ਦਾ ਨਵਾਂ ਨੋਟਿਸ

**ਨਵੀਂ ਦਿੱਲੀ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਤੋਂ ਠੀਕ ਪਹਿਲਾਂ ਕਾਂਗਰਸ ਨੂੰ ਇਕ ਵਾਰ ਫਿਰ ਇਨਕਮ ਟੈਕਸ ਵਿਭਾਗ ਤੋਂ ਨਵਾਂ ਨੋਟਿਸ ਮਿਲਿਆ ਹੈ, ਜਿਸ ਰਾਹੀਂ ਮੁਲਾਂਕਣ ਸਾਲ 2014-15 ਤੋਂ 2016-17 ਲਈ 1,745 ਕਰੋੜ ਰੁਪਏ ਦੇ ਟੈਕਸ ਦੀ ਮੰਗ ਕੀਤੀ ਗਈ ਹੈ। ਸੂਤਰਾਂ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ। ਆਮਦਨ ਕਰ ਵਿਭਾਗ ਵੱਲੋਂ ਕਾਂਗਰਸ ਤੋਂ ਹੁਣ ਤੱਕ ਕੁੱਲ 3,567 ਕਰੋੜ ਰੁਪਏ ਦੇ ਟੈਕਸ ਦੀ ਮੰਗ ਕੀਤੀ ਜਾ ਚੁੱਕੀ ਹੈ। ਸੂਤਰਾਂ ਮੁਤਾਬਕ ਤਾਜ਼ਾ ਨੋਟਿਸ 2014-15 (ਲਗਭਗ 663 ਕਰੋੜ ਰੁਪਏ), 2015-16 (ਲਗਭਗ 664 ਕਰੋੜ ਰੁਪਏ) ਅਤੇ 2016-17 (ਲਗਭਗ 417 ਕਰੋੜ ਰੁਪਏ) ਨਾਲ ਸਬੰਧਤ ਹਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੇ ਸਿਆਸੀ



ਪਾਰਟੀਆਂ ਨੂੰ ਦਿੱਤੀ ਜਾਂਦੀ ਟੈਕਸ ਛੋਟ ਖਤਮ ਕਰਕੇ ਪਾਰਟੀ ਟੈਕਸ ਲਗਾ ਦਿੱਤਾ ਹੈ। ਸੂਤਰਾਂ ਨੇ ਦੱਸਿਆ ਕਿ ਜਾਂਚ ਏਜੰਸੀਆਂ ਵੱਲੋਂ ਛਾਪੇਮਾਰੀ ਦੌਰਾਨ ਕੁਝ ਕਾਂਗਰਸੀ ਆਗੂਆਂ ਤੋਂ ਜ਼ਬਤ ਕੀਤੀਆਂ ਡਾਇਰੀਆਂ ਵਿੱਚ ‘ਥਰਡ ਪਾਰਟੀ ਐਂਟਰੀਆਂ’ ਲਈ ਵੀ ਕਾਂਗਰਸ ’ਤੇ ਟੈਕਸ ਲਾਇਆ ਗਿਆ ਹੈ। ਮੁੱਖ ਵਿਰੋਧੀ ਪਾਰਟੀ ਨੇ ਸ਼ੁੱਕਰਵਾਰ ਨੂੰ ਕਿਹਾ ਸੀ ਕਿ ਉਸ ਨੂੰ ਆਮਦਨ ਕਰ ਵਿਭਾਗ ਤੋਂ ਨੋਟਿਸ ਮਿਲਿਆ ਹੈ, ਜਿਸ ਵਿਚ ਕਰੀਬ 1,823 ਕਰੋੜ ਰੁਪਏ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਹੈ। ਟੈਕਸ ਅਧਿਕਾਰੀਆਂ ਨੇ ਪਿਛਲੇ ਸਾਲਾਂ ਨਾਲ ਸਬੰਧਤ ਟੈਕਸ ਮੰਗਾਂ ਲਈ ਪਾਰਟੀ ਦੇ ਖਾਤਿਆਂ ’ਚੋਂ ਪਹਿਲਾਂ ਹੀ 135 ਕਰੋੜ ਰੁਪਏ ਕਢਵਾ ਲਏ ਹਨ। ਕਾਂਗਰਸ ਨੇ 135 ਕਰੋੜ ਰੁਪਏ ਦੀ ਟੈਕਸ ਮੰਗ ਨੂੰ ਲੈ ਕੇ ਅਦਾਲਤ ਦਾ ਰੁਖ ਕੀਤਾ ਹੈ ਅਤੇ ਸੋਮਵਾਰ ਨੂੰ ਸੁਪਰੀਮ ਕੋਰਟ ’ਚ ਇਸ ਮਾਮਲੇ ਦੀ ਸੁਣਵਾਈ ਹੋਣ ਦੀ ਸੰਭਾਵਨਾ ਹੈ। ਪਾਰਟੀ ਇਨਕਮ ਟੈਕਸ ਅਪੀਲੀ ਟ੍ਰਿਬਿਊਨਲ ਅਤੇ ਹਾਈ ਕੋਰਟ ਤੋਂ ਇਸ ਸਬੰਧ ਵਿਚ ਕੋਈ ਰਾਹਤ ਲੈਣ ਵਿਚ ਨਾਕਾਮ ਰਹੀ ਹੈ।

## ਕੇਕ ਖਾਣ ਨਾਲ ਜਾਨ ਗੁਆਉਣ ਵਾਲੀ 10 ਸਾਲਾ ਬੱਚੀ ਦੇ ਮਾਮਲੇ ’ਚ 3 ਮੁਲਜ਼ਮ ਗ੍ਰਿਫ਼ਤਾਰ

**ਪਟਿਆਲਾ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਵਿਖੇ ਕੇਕ ਖਾਣ ਨਾਲ 10 ਸਾਲਾ ਬੱਚੀ ਦੀ ਹੋਈ ਮੌਤ ਦੇ ਮਾਮਲੇ ’ਚ ਤਿੰਨ ਮੁਲਜ਼ਮਾਂ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਉਕਤ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਪਰਿਵਾਰ ਵੱਲੋਂ ਹੀ ਟਰੈਪ ਲਗਾ ਕੇ ਕੀਤੀ ਗਈ ਹੈ। ਦਰਅਸਲ 10 ਸਾਲਾ ਬੱਚੀ ਮਾਨਵੀ ਦੇ ਪਰਿਵਾਰ ਵੱਲੋਂ ਮੁਲਜ਼ਮਾਂ ਤੱਕ ਪਹੁੰਚਣ ਲਈ ਇਕ ਵਾਰ ਫਿਰ ਤੋਂ ਕੇਕ ਆਰਡਰ ਕੀਤਾ ਗਿਆ ਅਤੇ ਕੇਕ ਦੇਣ ਆਏ ਪਹਿਲਾਂ ਇਕ ਨੌਜਵਾਨ ਨੂੰ ਕਾਬੂ ਕੀਤਾ ਅਤੇ ਫਿਰ ਬਾਅਦ ਬੇਕਰੀ ਦੇ ਮਾਲਕਾਂ ਤੱਕ ਪਹੁੰਚ ਕੀਤੀ ਗਈ। ਹਾਲਾਂਕਿ ਬੇਕਰੀ ਮਾਲਕ ਦੀ ਅਜੇ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ। ਪੁਲਸ ਵੱਲੋਂ ਤਿੰਨੋਂ ਦੋਸ਼ੀਆਂ ਨੂੰ ਅਦਾਲਤ ਵਿਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ। ਪੁਲਸ ਨੂੰ ਮੁਲਜ਼ਮਾਂ ਤੋਂ ਵੱਡੇ ਖ਼ੁਲਾਸੇ ਹੋਣ ਦੀ ਉਮੀਦ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿਚ ਇਕ ਜ਼ੋਮੈਟੋ ਬੁਆਏ ਅਤੇ ਦੋ ਹੋਰ ਵਿਅਕਤੀ ਸ਼ਾਮਲ ਹਨ। ਮੁਲਜ਼ਮਾਂ ਦੀ ਪਛਾਣ ਰਣਜੀਤ, ਪਵਨ ਮਿਸ਼ਰਾ ਅਤੇ ਵਿਜੈ ਦੇ ਰੂਪ ਵਿਚ ਹੋਈ ਹੈ। ਉਥੇ ਹੀ ਪੁਲਸ ਵੱਲੋਂ ਬੇਕਰੀ ਮਾਲਕ ਖ਼ਿਲਾਫ਼ ਵੀ ਮਾਮਲਾ ਦਰਜ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪਟਿਆਲਾ ਵਿਖੇ ਥਾਣਾ ਅਨਾਜ ਮੰਡੀ ’ਚ ਪੈਂਦੇ ਅਮਨ ਨਗਰ ’ਚ ਰਹਿਣ ਵਾਲੀ 10 ਸਾਲਾ ਮਾਨਵੀ ਦੀ ਜਨਮਦਿਨ ਵਾਲੇ ਦਿਨ ਕੇਕ ਖਾਣ ਨਾਲ ਮੌਤ ਹੋ ਗਈ। ਪਰਿਵਾਰਕ ਮੈਂਬਰਾਂ ਵੱਲੋਂ ਮਾਨਵੀ ਦੇ ਜਨਮਦਿਨ ’ਤੇ 24 ਮਾਰਚ ਨੂੰ ਪਹਿਲੀ ਵਾਰ ਆਨਲਾਈਨ ਕੇਕ ਮੰਗਵਾਇਆ ਗਿਆ ਸੀ, ਜਿਸ ਨੂੰ ਖਾਣ ਤੋਂ ਬਾਅਦ ਉਸ ਦੀ ਪਰਿਵਾਰਕ ਮੈਂਬਰਾਂ ਦੀ ਸਿਹਤ ਵਿਗੜ ਗਈ। ਇਸ ਘਟਨਾ ਤੋਂ ਬਾਅਦ ਇਲਾਕੇ ਦੇ ਵਿੱਚ ਸੋਗ ਦੀ ਲਹਿਰ ਪਾਈ ਗਈ ਹੈ। ਪਰਿਵਾਰ ਮੈਂਬਰਾਂ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਦੀ ਬੇਟੀ ਦੇ ਜਨਮਦਿਨ ’ਤੇ ਅਸੀਂ ਆਨਲਾਈਨ ਕੇਕ ਮੰਗਵਾਇਆ ਸੀ, ਜਿਸ ਨੂੰ ਖਾਣ ਤੋਂ ਬਾਅਦ ਸਾਡਾ ਸਾਰਾ ਪਰਿਵਾਰ ਬੀਮਾਰ ਹੋ ਗਿਆ। ਇਸ ਤੋਂ ਬਾਅਦ ਦੇਰ ਰਾਤ ਮਾਨਵੀ ਦੀ ਤਬੀਅਤ ਜ਼ਿਆਦਾ ਖ਼ਰਾਬ ਹੋਈ। ਮਾਨਵੀ ਨੂੰ ਉਲਟੀਆਂ ਆਉਣ ਲੱਗੀਆਂ ਪਰ ਕੁਝ ਸਮੇਂ ਬਾਅਦ ਹੀ ਉਹ ਰਾਤ ਨੂੰ ਸੌਂ ਗਈ। ਉਂਝ ਰਾਤ ਵੇਲੇ ਮਾਨਵੀ ਨੇ ਜ਼ਿਆਦਾ ਮੂੰਹ ਸੁੱਕਣ ਮਗਰੋਂ ਦੋ ਵਾਰ ਪਾਣੀ ਵੀ ਪੀਤਾ ਪਰ ਸਵੇਰੇ ਜਦੋਂ ਉਨ੍ਹਾਂ ਵੇਖਿਆ ਤਾਂ ਪਤਾ ਲੱਗਿਆ ਕਿ ਉਨ੍ਹਾਂ ਦੀ ਬੇਟੀ ਦਾ ਸਰੀਰ ਠੰਡਾ ਪੈ ਚੁੱਕਿਆ ਸੀ, ਜਿਸ ਤੋਂ ਬਾਅਦ ਪਰਿਵਾਰ ਵੱਲੋਂ ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ। ਹਸਪਤਾਲ ‘ਚ ਡਾਕਟਰਾਂ ਵੱਲੋਂ ਮਾਨਵੀ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

## ਰੈਲੀ ’ਚ ਮਾਨ ਤੇ ਗਾਂਧੀ ਨੇ ਜੋੜੀਆਂ ਕੁਰਸੀਆਂ ਪਰ ਨਹੀਂ ਮਿਲੇ ਦਿਲ !

### ਮਾਨ ਦੇ ਹੱਥ ਵੱਲ ਤੱਕਦੇ ਹੀ ਰਹਿ ਗਏ ਗਾਂਧੀ

**ਨਵੀਂ ਦਿੱਲੀ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਤੋਂ ਪਹਿਲਾਂ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਇੰਡੀਆ ਬਲੌਕ ਦੀ ਰੈਲੀ ਹੋ ਰਹੀ ਹੈ ਜਿਸ ਵਿੱਚ ਦੇਸ਼ ਭਰ ਚੋਂ ਵਿਰੋਧੀ ਗੱਠਜੋੜ ਦੇ ਲੀਡਰ ਪਹੁੰਚੇ ਹਨ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਕੁਰਸੀਆਂ ਨਾਲ ਜੋੜ ਕੇ ਬੈਠੇ ਨਜ਼ਰ ਆਏ। ਇਸ ਮੌਕੇ ਇੱਕ ਅਜੀਬ ਸਥਿਤੀ ਵੀ ਬਣੀ ਦਰਅਸਲ, ਇਹ ਤਸਵੀਰ ਬਹੁਤ ਖਾਸ ਹੈ, ਕਾਂਗਰਸ ਲੀਡਰ ਰਾਹੁਲ ਗਾਂਧੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਇਕੱਠੇ ਬੈਠੇ ਹੋਏ ਹਨ। ਇਹ ਤਸਵੀਰ ਦਿੱਲੀ ਦੇ ਰਾਮਲੀਲਾ ਮੈਦਾਨ ਦੀ ਹੈ। ਇੱਥੇ ਸੀਐੱਮ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੇ ਵਿਰੋਧ ਦੇ ਨਾਲ-ਨਾਲ ਹੋਰ ਗੱਲਾਂ ਨੂੰ ਲੈ ਕੇ ਇੰਡੀਆ ਗਠਜੋੜ ਦੀ ਰੈਲੀ ਹੋਈ। ਇਸ ਮੌਕੇ ਸਟੇਜ ’ਤੇ ਸਥਿਤੀ ਉਸ ਸਮੇਂ ਅਜੀਬ ਬਣ ਗਈ ਜਦੋਂ ਫਾਰੂਖ ਅਬਦੁੱਲਾ ਦਾ ਨਾਮ ਲਿਆ ਗਿਆ ਅਤੇ ਫਾਰੂਖ ਅਬਦੁੱਲਾ ਨੇ ਸੀਐੱਮ ਮਾਨ ਦਾ ਹੱਥ ਫੜ ਉਪਰ ਚੁੱਕ ਕੇ ਇੱਕਜੁੱਟਤਾ ਦਾ ਇਜ਼ਹਾਰ ਕੀਤ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨਾਲ ਕੁਰਸੀ ਤੇ ਬੈਠੇ ਰਾਹੁਲ ਗਾਂਧੀ ਨੇ ਸੀਐੱਮ ਮਾਨ ਦੇ ਹੱਥ ਵੱਲ ਵੀ ਜ਼ਰੂਰ ਵੇਖਿਆ, ਹੋ ਸਕਦਾ ਸੀ ਰਾਹੁਲ ਜਾਂ ਸੀਐੱਮ ਮਾਨ ਇੱਕ-ਦੂਜੇ ਦਾ ਹੱਥ ਫੜਦੇ ਪਰ ਅਜਿਹਾ ਨਹੀਂ ਹੋਇਆ। ਰਾਹੁਲ ਗਾਂਧੀ ਅਤੇ ਭਗਵੰਤ ਮਾਨ ਦੀ ਇਹ ਤਸਵੀਰ ਇਸ ਲਈ ਖਾਸ ਹੈ ਕਿਉਂਕਿ ਪੰਜਾਬ ਵਿੱਚ ਕਾਂਗਰਸ ਅਤੇ ਆਮ ਆਦਮੀ ਪਾਰਟੀ ਵਿਚਾਲੇ ਛੱਤੀ ਦਾ ਅੰਕੜਾ ਹੈ। ਪੰਜਾਬ ਵਿੱਚ ਦੋਵੇਂ ਪਾਰਟੀਆਂ ਇੱਕ-ਦੂਜੇ ਨੂੰ ਕੋਸਣ ਦਾ ਮੌਕਾ ਨਹੀਂ ਛੱਡਦੀਆਂ। ਖਾਸ ਗੱਲ ਇਹ ਹੈ ਕਿ ਕਾਂਗਰਸ ਪੰਜਾਬ ਵਿੱਚ ਮੁੱਖ ਵਿਰੋਧੀ ਧਿਰ ਹੈ ਜਿੱਥੇ ਕਾਂਗਰਸ ਦੇ ਨਿਸ਼ਾਨੇ ’ਤੇ ਮਾਨ ਸਰਕਾਰ ਰਹਿੰਦੀ ਹੈ। ਉੱਥੇ ਹੀ ਸੀਐੱਮ ਮਾਨ ਪੰਜਾਬ ਕਾਂਗਰਸ ਦੇ ਨਾਲ-ਨਾਲ ਸਮੁੱਚੀ ਪਾਰਟੀ ਨੂੰ ਗਾਹੇ-ਵਗਾਏ ਠਿੱਬੀ ਮਾਰ ਦਿੰਦੇ ਹਨ। ਇਸੇ ਦਾ ਨਤੀਜਾ ਸੀ ਕਿ ਪੰਜਾਬ ਵਿੱਚ ਕਾਂਗਰਸ ਅਤੇ ਆਪ ਵਿਚਾਲੇ ਗਠਜੋੜ ਨਹੀਂ ਹੋਇਆ, ਹਲਾਂਕਿ ਦਿੱਲੀ ਅਤੇ ਹਰਿਆਣਾ ਵਿੱਚ ਦੋਵੇਂ ਪਾਰਟੀਆਂ ਗਠਜੋੜ ਨਾਲ ਲੋਕ ਸਭਾ ਚੋਣਾਂ ਲੜ ਰਹੀਆਂ ਹਨ। ਹੁਣ ਦਿੱਲੀ ਦੇ ਰਾਮਲੀਲਾ ਮੈਦਾਨ ਤੋਂ ਇਨ੍ਹਾਂ ਤਸਵੀਰਾਂ ਨਾਲ ਜਿੱਥੇ ਇੰਡੀਆ ਗਠਜੋੜ ਮੋਦੀ ਸਰਕਾਰ ਖ਼ਿਲਾਫ਼ ਏਕੇ ਦੀ ਹੁੰਕਾਰ ਭਰੇਗਾ ਉਥੇ ਹੀ ਪੰਜਾਬ ਵਿੱਚ ਵਿਰੋਧੀਆਂ ਪਾਰਟੀਆਂ ਨੂੰ ਇੱਕ ਮੁੱਦਾ ਵੀ ਜ਼ਰੂਰ ਮਿਲੇਗਾ।



ਆਵਾਜ਼ਿ ਕੌਮ

Daily Newspaper from U.K.

Publisher/Chief Editor
Raghbir Singh Walsal
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਰਾਸ਼ਟਰਪਤੀ ਨੇ ਘਰ ਜਾ ਕੇ ਅਡਵਾਨੀ ਨੂੰ ‘ਭਾਰਤ ਰਤਨ’ ਨਾਲ ਕੀਤਾ ਸਨਮਾਨਤ, ਪ੍ਰਧਾਨ ਮੰਤਰੀ ਮੋਦੀ ਵੀ ਰਹੇ ਮੌਜੂਦ



**ਇਸਲਾਮਾਬਾਦ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸੀਨੀਅਰ ਨੇਤਾ ਲਾਲਕ੍ਰਿਸ਼ਨ ਅਡਵਾਨੀ ਨੂੰ ਅੱਜ ਯਾਨੀ ਕਿ ਐਤਵਾਰ ਨੂੰ ਭਾਰਤ ਰਤਨ ਨਾਲ ਸਨਮਾਨਤ ਕੀਤਾ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅਡਵਾਨੀ ਦੇ ਘਰ ਜਾ ਕੇ ਉਨ੍ਹਾਂ ਨੂੰ ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨ ਨਾਲ ਸਨਮਾਨਤ ਕੀਤਾ ਅਤੇ ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਵੀ ਮੌਜੂਦ ਰਹੇ। ਦੱਸ ਦੇਈਏ ਕਿ ਸਿਹਤ ਠੀਕ ਨਾ ਹੋਣ ਦੀ ਵਜ੍ਹਾ ਕਰ ਕੇ ਅਡਵਾਨੀ ਸ਼ਨੀਵਾਰ ਨੂੰ ਰਾਸ਼ਟਰਪਤੀ ਭਵਨ ਵਿਚ ਆਯੋਜਿਤ ਪੁਰਸਕਾਰ ਵੰਡ ਸਮਾਰੋਹ ਵਿਚ ਸ਼ਾਮਲ ਨਹੀਂ ਹੋ ਸਕੇ ਸਨ। ਦੱਸਣਯੋਗ ਹੈ ਕਿ ਰਾਸ਼ਟਰਪਤੀ ਨੇ ਸ਼ਨੀਵਾਰ (30 ਮਾਰਚ) ਨੂੰ ਰਾਸ਼ਟਰਪਤੀ ਭਵਨ ਵਿਖੇ 4 ਸ਼ਖਸੀਅਤਾਂ ਨੂੰ ਮਰਨ ਉਪਰੰਤ ਭਾਰਤ ਰਤਨ ਨਾਲ ਸਨਮਾਨਤ ਕੀਤਾ। ਇਨ੍ਹਾਂ ਵਿਚ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ, ਸਾਬਕਾ ਪ੍ਰਧਾਨ ਮੰਤਰੀ ਪੀ.ਵੀ. ਨਰਸਿਮਹਾ ਰਾਓ, ਬਿਹਾਰ ਦੇ ਸਾਬਕਾ ਮੁੱਖ ਮੰਤਰੀ ਕਰਪੂਰੀ ਠਾਕੁਰ ਅਤੇ ਖੇਤੀ ਵਿਗਿਆਨੀ ਡਾ.ਐਮ.ਐਸ.ਸਵਾਮੀਨਾਥਨ ਸ਼ਾਮਲ ਹਨ। ਚਾਰ ਸ਼ਖਸੀਅਤਾਂ ਦੇ ਪਰਿਵਾਰਾਂ ਨੇ ਰਾਸ਼ਟਰਪਤੀ ਭਵਨ ਵਿਚ ਇਹ ਸਨਮਾਨ ਪ੍ਰਾਪਤ ਕੀਤਾ। ਨਰਸਿਮਹਾ ਰਾਓ ਦੇ ਪੁੱਤਰ ਪੀਵੀ ਪ੍ਰਭਾਕਰ ਰਾਓ, ਚੌਧਰੀ ਚਰਨ ਸਿੰਘ ਦੇ ਪੋਤੇ ਜਯੰਤ ਚੌਧਰੀ, ਕਰਪੂਰੀ ਠਾਕੁਰ ਦੇ ਪੁੱਤਰ ਰਾਮਨਾਥ ਠਾਕੁਰ ਅਤੇ ਐਮਐਸ ਸਵਾਮੀਨਾਥਨ ਦੀ ਬੇਟੀ ਨਿਤਿਆ ਰਾਓ ਨੇ ਰਾਸ਼ਟਰਪਤੀ ਤੋਂ ਸਨਮਾਨ ਪ੍ਰਾਪਤ ਕੀਤਾ। ਭਾਰਤ ਰਤਨ ਦੇਸ਼ ਦਾ ਸਰਵਉੱਚ ਨਾਗਰਿਕ ਸਨਮਾਨ ਹੈ। ਇਹ ਰਾਸ਼ਟਰੀ ਸੇਵਾ ਜਿਵੇਂ ਕਿ ਕਲਾ, ਸਾਹਿਤ, ਵਿਗਿਆਨ, ਲੋਕ ਸੇਵਾ ਅਤੇ ਖੇਡਾਂ ਲਈ ਦਿੱਤਾ ਜਾਂਦਾ ਹੈ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।


ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੱਲੋਂ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


# ਲੇਲੇਵਾਲਾ ਗੈਸ ਪਾਈਪ ਲਾਈਨ ਦੇ ਸਮਝੌਤੇ ਸਬੰਧੀ ਵੱਡੀ ਗਿਣਤੀ 'ਚ ਔਰਤਾਂ ਨੇ ਕੀਤੀ ਸ਼ਮੂਲੀਅਤ

**ਤਲਵੰਡੀ ਸਾਬੋ**, 31 ਮਾਰਚ (**ਗੁਰਜੰਟ ਸਿੰਘ ਨਥੇਹਾ**)- ਇਕ ਜੁਲਾਈ 2023 ਤੋਂ ਲੇਲੇਵਾਲਾ ਵਿਖੇ ਗੈਸ ਪਾਈਪ ਲਾਈਨ ਦੇ ਮੁਆਵਜੇ ਸਬੰਧੀ ਹੋਏ ਸਮਝੌਤੇ ਨੂੰ ਲਾਗੂ ਕਰਾਉਣ ਲਈ ਚੱਲ ਰਹੇ ਮੋਰਚੇ ਵਿੱਚ ਅੱਜ ਔਰਤਾਂ ਨੇ ਸਮੂਲੀਅਤ ਕੀਤੀ। ਅੱਜ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਔਰਤ ਜਥੇਬੰਦੀ ਦੇ ਜ਼ਿਲ੍ਹਾ ਬਠਿੰਡਾ ਦੀ ਜਰਨਲ ਸਕੱਤਰ ਕਰਮਜੀਤ ਕੌਰ ਲਹਿਰਾਖਾਨਾ ਨੇ ਕਿਹਾ ਕਿ ਗੈਸ ਪਾਈਪ ਲਾਈਨ ਦੇ ਹੋਏ ਸਮਝੌਤੇ ਨੂੰ 10 ਮਹੀਨਿਆਂ ਤੋਂ ਉੱਪਰ ਹੋ ਗਏ ਹਨ ਪਰ ਜਿੱਥੇ ਕੰਪਨੀ ਅਤੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਜਾਣ ਬੁਝ ਕੇ ਕਿਸਾਨਾਂ ਨਾਲ ਕੀਤੇ ਲਿਖਤੀ ਸਮਝੌਤੇ ਨੂੰ ਲਾਗੂ ਕਰਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ ਉਥੇ ਲੋਕਾਂ ਦੀ ਪਾਰਟੀ ਵਜੋਂ ਉਭਰ ਕੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੀ ਕਿਸਾਨਾਂ ਦੀ ਲਗਾਤਾਰ ਅਣਸੁਣੀ ਕੀਤੀ ਜਾ ਰਹੀ ਹੈ। ਪਿਛਲੇ ਦਿਨੀਂ ਪੰਜਾਬ ਦੇ ਖੇਤੀਬਾੜੀ ਮੰਤਰੀ ਅਤੇ ਬਠਿੰਡਾ ਤੋਂ ਲੋਕ ਸਭਾ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਅਤੇ ਤਲਵੰਡੀ ਸਾਬੋ ਤੋਂ ਵਿਧਾਇਕਾ ਬਲਜਿੰਦਰ ਕੌਰ ਨਾਲ ਕਿਸਾਨ ਆਗੂਆਂ ਦੀ ਮੀਟਿੰਗ ਹੋਈ ਸੀ ਜਿਸ ਦੌਰਾਨ ਉਹਨਾਂ ਨੇ 4 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਮੀਟਿੰਗ ਤਹਿ ਕਰ ਕੇ ਮਸਲਾ ਹੱਲ ਕਰਨ ਦਾ ਭਰੋਸਾ ਦਿੱਤਾ ਹੈ। ਔਰਤ ਆਗੂਆਂ ਨੇ ਕਿਹਾ ਕਿ ਜੇਕਰ 04 ਅਪ੍ਰੈਲ ਨੂੰ ਮੀਟਿੰਗ ਦੌਰਾਨ ਕਿਸਾਨਾਂ ਦੇ ਮਸਲੇ ਹੱਲ ਨਾ ਕੀਤੇ ਤਾਂ ਜਥੇਬੰਦੀ ਵੱਲੋਂ ਕੀਤੇ ਫੈਸਲੇ ਮੁਤਾਬਿਕ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਪਿੰਡਾਂ ਵਿੱਚ ਵਿਰੋਧ ਕੀਤਾ ਜਾਵੇਗਾ ਜਿਸ ਵਿੱਚ ਔਰਤਾਂ ਵੀ ਸ਼ਾਮਲ ਹੋਣਗੀਆਂ। ਉਹਨਾਂ ਕਿਹਾ ਕਿ ਕੀਤੇ ਸਮਝੌਤੇ ਮੁਤਾਬਕ ਜਿੰਨਾ ਕਿਸਾਨਾਂ ਦੇ ਖੇਤਾਂ ਵਿੱਚੋਂ ਦੀ ਪਾਈਪਲਾਈਨ ਪਾਈ ਜਾ ਚੁੱਕੀ ਹੈ ਉਹਨਾਂ ਨੂੰ ਵੀ 24 ਲੱਖ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇ, ਮੀਂਹ, ਗੜੇਮਾਰੀ ਤੇ ਤੂਫਾਨ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇ, ਕਈ ਸਾਲਾਂ ਤੋਂ ਬਰਬਾਦ ਹੋ ਰਹੀ ਨਰਮੇ ਦੀ ਫਸਲ ਨੂੰ ਕਾਮਯਾਬ ਕਰਨ ਲਈ ਗੁਲਾਬੀ ਸੁੰਡੀ ਅਤੇ ਹੋਰ ਬਿਮਾਰੀਆਂ ਤੋਂ ਰੋਗ ਰਹਿਤ ਬੀਜ ਦਿੱਤੇ ਜਾਣ, ਭਾਰਤ ਮਾਲਾ ਸੜਕ ਦਾ ਕਿਸਾਨਾਂ ਨੂੰ ਪੂਰਾ ਮੁਆਵਜ਼ਾ ਦਿੱਤਾ ਜਾਵੇ, ਟੇਲਾਂ 'ਤੇ ਨਹਿਰੀ ਪਾਣੀ ਦੀ



ਸਮੱਸਿਆ ਹੱਲ ਕੀਤੀ ਜਾਵੇ, ਗੰਭੀਰ ਬਿਮਾਰੀ ਕਾਰਨ ਨੁਕਸਾਨ ਹੋਏ ਪਸ਼ੂਆਂ ਦਾ ਮੁਆਵਜਾ ਦਿੱਤਾ ਜਾਵੇ। ਉਹਨਾਂ ਔਰਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸੰਘਰਸ਼ ਦੇ ਮੈਦਾਨਾਂ ਵਿੱਚ ਸ਼ਾਮਿਲ ਹੋਇਆ ਜਾਵੇ। ਅੱਜ ਦੇ ਧਰਨੇ ਨੂੰ ਸੁਖਜੀਤ ਕੌਰ ਚੱਕ ਫਤਿਹ ਸਿੰਘ ਵਾਲਾ, ਗੁਰਜੀਤ ਸਿੰਘ ਬੰਗੇਹਰ ਚੜਤ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਹਰਪ੍ਰੀਤ ਸਿੰਘ ਕਾਲਾ ਚੱਠੇਵਾਲਾ ਨੇ ਨਿਭਾਉਂਦਿਆਂ ਸੱਦਾ ਦਿੱਤਾ ਕਿ 04 ਅਪ੍ਰੈਲ ਨੂੰ ਔਰਤਾਂ ਸਮੇਤ ਬਠਿੰਡੇ ਵੱਧ ਤੋਂ ਵੱਧ ਪਹੁੰਚਿਆ ਜਾਵੇ ਅਤੇ ਸਰਕਾਰ ਦੁਆਰਾ ਇਸ ਵਾਰ ਅਨਾਜ ਦੀ ਖਰੀਦ ਅਤੇ ਭੰਡਾਰਨ ਕਰਨ ਦੀ ਕਾਰਪੋਰੇਟ ਘਰਾਣਿਆਂ ਨੂੰ ਇਜਾਜ਼ਤ ਦੇ ਕੇ ਨਿੱਜੀਕਰਨ ਦੇ ਅਮਲ ਦੀ ਸ਼ੁਰੂਆਤ ਖਿਲਾਫ 8 ਅਪ੍ਰੈਲ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਰੈਲੀ ਵਿੱਚ ਵੱਧ ਤੋਂ ਵੱਧ ਸਮੂਲੀਅਤ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV









# ਇਨਸਾਫ ਲਈ 2 ਅਪ੍ਰੈਲ ਨੂੰ ਮਾਨਸਾ ਵਿਖੇ ਲਾਇਆ ਜਾਵੇਗਾ ਧਰਨਾ—ਕਿਸਾਨ ਆਗੂ



ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਬਲਾਕ ਮਮਦੋਟ ਦੀ ਮੀਟਿੰਗ ਜ਼ਿਲਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਅਤੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾਂ ਦੀ ਅਗਵਾਈ ਹੇਠ ਮਮਦੋਟ ਵਿਖੇ ਕੀਤੀ ਗਈ, ਜਿਸ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਕੁਲਰੀਆਂ ਦੇ ਆਬਾਦਕਾਰ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਬੁਢਲਾਡਾ ਦੇ ਡੀ.ਐਸ.ਪੀ ਦੇ ਦਫਤਰ ਅੱਗੇ ਪਿਛਲੇ ਕਈ ਦਿਨਾਂ ਤੋਂ ਪੱਕਾ ਮੋਰਚਾ ਲੱਗਾ ਹੋਇਆ ਹੈ ਲੇਕਿਨ ਮਾਨਸਾ ਜ਼ਿਲੇ ਦਾ ਐਸ.ਐਸ.ਪੀ ਅਤੇ ਬੁਢਲਾਡਾ ਦਾ ਡੀ.ਐਸ.ਪੀ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬੁੱਧ ਰਾਮ ਅੱਗੇ ਗੋਡੇ ਟੇਕ ਕੇ ਬੈਠਾ ਹੈ ਕਿਉਂਕਿ ਬੁੱਧ ਰਾਮ ਕੁਲਰੀਆਂ ਦੇ ਦੋਸ਼ੀ ਸਰਪੰਚ ਦੀ ਪਿੱਠ ਤੇ ਖੜਾ ਹੈ, ਇਸ ਦੀ ਸ਼ਿਹ ਤੇ ਸਰਪੰਚ ਵਾਰ—ਵਾਰ ਕਿਸਾਨਾਂ ਉਪਰ ਹਮਲੇ ਕਰ ਰਿਹਾ ਹੈ ਅਤੇ ਪੁਲਿਸ ਇਹ ਪੂਰਾ ਤਮਾਸ਼ਾ ਦੇਖ ਰਹੀ ਹੈ। ਆਗੂਆਂ ਨੇ ਕਿਹਾ ਕਿ ਇਸ ਸਰਪੰਚ ਅਤੇ ਬੁੱਧ ਰਾਮ ਦੀ ਇਸ ਗੁੰਡਾਗਰਦੀ ਦਾ ਜਵਾਬ ਦੇਣ ਲਈ ਆਉਣ ਵਾਲੀ 2 ਅਪ੍ਰੈਲ ਨੂੰ ਮਾਨਸਾ ਜ਼ਿਲ੍ਹੇ ਦੇ ਐਸ.ਐਸ.ਪੀ ਅਤੇ ਡੀ.ਸੀ ਦਫਤਰ ਦਾ ਪੱਕੇ ਤੌਰ ਤੇ ਘਿਰਾਓ ਕੀਤਾ ਜਾਵੇਗਾ, ਜਿਸ ਦੀ ਲਾਮਬੰਦੀ ਲਈ ਜ਼ਿਲਾ ਫਿਰੋਜ਼ਪੁਰ ਦੇ ਸਾਰੇ ਬਲਾਕਾਂ ਦੀਆਂ ਮੀਟਿੰਗਾਂ ਕਰਵਾ ਕੇ ਲਗਭਗ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਆਗੂਆਂ ਨੇ ਦੱਸਿਆ ਕਿ 2 ਅਪ੍ਰੈਲ ਨੂੰ ਸੈਂਕੜੇ ਕਿਸਾਨ ਅਤੇ ਕਿਸਾਨ ਬੀਬੀਆਂ ਦਾ ਜੱਥਾ ਧਰਨੇ ਵਾਲੀ ਜਗ੍ਹਾ ਤੇ ਪਹੁੰਚੇਗਾ ਅਤੇ ਕੁਲਰੀਆਂ ਦੇ ਅਬਾਦਕਾਰ ਕਿਸਾਨਾਂ ਨੂੰ ਉਨ੍ਹਾਂ ਦਾ ਹੱਕ ਦੁਆਇਆ ਜਾਏਗਾ। ਇਸ ਮੌਕੇ ਬਲਾਕ ਮਮਦੋਟ ਪ੍ਰਧਾਨ ਬਲਕਾਰ ਸਿੰਘ ਜੋਧਪੁਰ, ਬਲਾਕ ਜਨਰਲ ਸਕੱਤਰ ਹਰਬੰਸ ਸਿੰਘ ਜੋਧਪੁਰ, ਬਲਾਕ ਪ੍ਰੈੱਸ ਸਕੱਤਰ ਜਗਤਾਰ ਸਿੰਘ ਭੱਟੀਆ, ਬਲਾਕ ਸੀਨੀਅਰ ਮੀਤ ਪ੍ਰਧਾਨ ਜਤਿੰਦਰ ਸਿੰਘ ਕੜਮਾਂ, ਮੀਤ ਪ੍ਰਧਾਨ ਹਰਜੀਤ ਸਿੰਘ ਗੱਟੀ, ਬਲਾਕ ਖ਼ਜ਼ਾਨਚੀ ਜੁਗਰਾਜ ਸਿੰਘ ਗੱਟੀ, ਮਹਿਲ ਸਿੰਘ ਸੋਨੂੰ ਉਪਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਥੀਕ ਸ਼ਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ੳ A अ
**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ
ਸਿੱਖ ਫੁੱਲਵਾੜੀ ਵਿਕਾਸ ਗੁਰਮਤਿ ਕੇਂਦਰ (ਰਜਿ:) ਗੁ: ਰੋੜੀ ਸਾਹਿਬ ਪਿੰਡ ਡਾਲਾ
ਖਾਲਸਾਈ ਖੇਡਾਂ
ਮਿਤੀ 6 ਅਪ੍ਰੈਲ 2024 ਦਿਨ ਸ਼ਨੀਵਾਰ
ਗੱਤਕਾ ਕੱਪ
ਆਵਾਜ਼ਿ ਕੌਮ AWAZE QAUM International Newspaper & WEB TV
ਨਾਟਕ
ਕੋਰੀਉਗ੍ਰਾਫੀ
ਗੱਤਕਾ ਮੁਕਾਬਲੇ
ਆਰੰਭ ਸ੍ਰੀ ਆਖੰਡ ਪਾਠ ਸਾਹਿਬ ਮਿਤੀ : 4 ਅਪ੍ਰੈਲ ਦਿਨ ਵੀਰਵਾਰ
ਭੋਗ ਸ੍ਰੀ ਆਖੰਡ ਪਾਠ ਸਾਹਿਬ ਮਿਤੀ : 6 ਅਪ੍ਰੈਲ ਦਿਨ ਸ਼ਨੀਵਾਰ
ਗੁ: ਰੋੜੀ ਸਾਹਿਬ, ਪਿੰਡ ਡਾਲਾ (ਮੋਗਾ)
LIVE ON
Nihang TV
ਭੋਗ ਉਪਰੰਤ
ਭਾਈ ਮਨਧੀਰ ਸਿੰਘ ਖਾਲਸਾ
ਸੰਗਤਾ ਨੂੰ ਗੁਰਮਤਿ ਵਿਚਾਰਾਂ ਰਾਂਹੀ
ਨਿਹਾਲ ਕਰਨਗੇ
YouTube Sikh phulwari vikas gurmat kendar dala
Like us Facebook page
ਸਮਾਂ:- ਗੱਤਕਾ ਸ਼ਾਮ 6ਵਜੇ ਤੋਂ ਦੇਰ ਰਾਤ ਤੱਕ
ਸੰਪਰਕ : 94658-51126, 92172-11786


GURUJI FLEX MOGA
WALLPAPER
FLOOR MATT
FLEX, VINYAL, ONEWAY VISION PRINTING 98141-83619

# ਸੰਮਤ ਪਪਣ ਨਾਨਕਸ਼ਾਹੀ ਕੈਲੰਡਰ




### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ 14 ਮਾਰਚ | ੨ 15 ਮਾਰਚ | ੩ 16 ਮਾਰਚ |
| ੪ 17 ਮਾਰਚ | ੫ 18 ਮਾਰਚ | ੬ 19 ਮਾਰਚ | ੭ 20 ਮਾਰਚ | ੮ 21 ਮਾਰਚ | ੯ 22 ਮਾਰਚ | ੧੦ 23 ਮਾਰਚ |
| ੧੧ 24 ਮਾਰਚ | ੧੨ 25 ਮਾਰਚ | ੧੩ 26 ਮਾਰਚ | ੧੪ 27 ਮਾਰਚ | ੧੫ 28 ਮਾਰਚ | ੧੬ 29 ਮਾਰਚ | ੧੭ 30 ਮਾਰਚ |
| ੧੮ 31 ਮਾਰਚ | ੧੯ 1 ਅਪ੍ਰੈਲ | ੨੦ 2 ਅਪ੍ਰੈਲ | ੨੧ 3 ਅਪ੍ਰੈਲ | ੨੨ 4 ਅਪ੍ਰੈਲ | ੨੩ 5 ਅਪ੍ਰੈਲ | ੨੪ 6 ਅਪ੍ਰੈਲ |
| ੨੫ 7 ਅਪ੍ਰੈਲ | ੨੬ 8 ਅਪ੍ਰੈਲ | ੨੭ 9 ਅਪ੍ਰੈਲ | ੨੮ 10 ਅਪ੍ਰੈਲ | ੨੯ 11 ਅਪ੍ਰੈਲ | ੩੦ 12 ਅਪ੍ਰੈਲ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ 12 ਮਈ | ੩੧ 13 ਮਈ | | | | | ੧ 13 ਅਪ੍ਰੈਲ |
| ੨ 14 ਅਪ੍ਰੈਲ | ੩ 15 ਅਪ੍ਰੈਲ | ੪ 16 ਅਪ੍ਰੈਲ | ੫ 17 ਅਪ੍ਰੈਲ | ੬ 18 ਅਪ੍ਰੈਲ | ੭ 19 ਅਪ੍ਰੈਲ | ੮ 20 ਅਪ੍ਰੈਲ |
| ੯ 21 ਅਪ੍ਰੈਲ | ੧੦ 22 ਅਪ੍ਰੈਲ | ੧੧ 23 ਅਪ੍ਰੈਲ | ੧੨ 24 ਅਪ੍ਰੈਲ | ੧੩ 25 ਅਪ੍ਰੈਲ | ੧੪ 26 ਅਪ੍ਰੈਲ | ੧੫ 27 ਅਪ੍ਰੈਲ |
| ੧੬ 28 ਅਪ੍ਰੈਲ | ੧੭ 29 ਅਪ੍ਰੈਲ | ੧੮ 30 ਅਪ੍ਰੈਲ | ੧੯ 1 ਮਈ | ੨੦ 2 ਮਈ | ੨੧ 3 ਮਈ | ੨੨ 4 ਮਈ |
| ੨੩ 5 ਮਈ | ੨੪ 6 ਮਈ | ੨੫ 7 ਮਈ | ੨੬ 8 ਮਈ | ੨੭ 9 ਮਈ | ੨੮ 10 ਮਈ | ੨੯ 11 ਮਈ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ 14 ਮਈ | ੨ 15 ਮਈ | ੩ 16 ਮਈ | ੪ 17 ਮਈ | ੫ 18 ਮਈ |
| ੬ 19 ਮਈ | ੭ 20 ਮਈ | ੮ 21 ਮਈ | ੯ 22 ਮਈ | ੧੦ 23 ਮਈ | ੧੧ 24 ਮਈ | ੧੨ 25 ਮਈ |
| ੧੩ 26 ਮਈ | ੧੪ 27 ਮਈ | ੧੫ 28 ਮਈ | ੧੬ 29 ਮਈ | ੧੭ 30 ਮਈ | ੧੮ 31 ਮਈ | ੧੯ 1 ਜੂਨ |
| ੨੦ 2 ਜੂਨ | ੨੧ 3 ਜੂਨ | ੨੨ 4 ਜੂਨ | ੨੩ 5 ਜੂਨ | ੨੪ 6 ਜੂਨ | ੨੫ 7 ਜੂਨ | ੨੬ 8 ਜੂਨ |
| ੨੭ 9 ਜੂਨ | ੨੮ 10 ਜੂਨ | ੨੯ 11 ਜੂਨ | ੩੦ 12 ਜੂਨ | ੩੧ 13 ਜੂਨ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ 14 ਜੁਲਾਈ | 32 15 ਜੁਲਾਈ | | | | ੧ 14 ਜੂਨ | ੨ 15 ਜੂਨ |
| ੩ 16 ਜੂਨ | ੪ 17 ਜੂਨ | ੫ 18 ਜੂਨ | ੬ 19 ਜੂਨ | ੭ 20 ਜੂਨ | ੮ 21 ਜੂਨ | ੯ 22 ਜੂਨ |
| ੧੦ 23 ਜੂਨ | ੧੧ 24 ਜੂਨ | ੧੨ 25 ਜੂਨ | ੧੩ 26 ਜੂਨ | ੧੪ 27 ਜੂਨ | ੧੫ 28 ਜੂਨ | ੧੬ 29 ਜੂਨ |
| ੧੭ 30 ਜੂਨ | ੧੮ 1 ਜੁਲਾਈ | ੧੯ 2 ਜੁਲਾਈ | ੨੦ 3 ਜੁਲਾਈ | ੨੧ 4 ਜੁਲਾਈ | ੨੨ 5 ਜੁਲਾਈ | ੨੩ 6 ਜੁਲਾਈ |
| ੨੪ 7 ਜੁਲਾਈ | ੨੫ 8 ਜੁਲਾਈ | ੨੬ 9 ਜੁਲਾਈ | ੨੭ 10 ਜੁਲਾਈ | ੨੮ 11 ਜੁਲਾਈ | ੨੯ 12 ਜੁਲਾਈ | ੩੦ 13 ਜੁਲਾਈ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ 16 ਜੁਲਾਈ | ੨ 17 ਜੁਲਾਈ | ੩ 18 ਜੁਲਾਈ | ੪ 19 ਜੁਲਾਈ | ੫ 20 ਜੁਲਾਈ |
| ੬ 21 ਜੁਲਾਈ | ੭ 22 ਜੁਲਾਈ | ੮ 23 ਜੁਲਾਈ | ੯ 24 ਜੁਲਾਈ | ੧੦ 25 ਜੁਲਾਈ | ੧੧ 26 ਜੁਲਾਈ | ੧੨ 27 ਜੁਲਾਈ |
| ੧੩ 28 ਜੁਲਾਈ | ੧੪ 29 ਜੁਲਾਈ | ੧੫ 30 ਜੁਲਾਈ | ੧੬ 31 ਜੁਲਾਈ | ੧੭ 1 ਅਗਸਤ | ੧੮ 2 ਅਗਸਤ | ੧੯ 3 ਅਗਸਤ |
| ੨੦ 4 ਅਗਸਤ | ੨੧ 5 ਅਗਸਤ | ੨੨ 6 ਅਗਸਤ | ੨੩ 7 ਅਗਸਤ | ੨੪ 8 ਅਗਸਤ | ੨੫ 9 ਅਗਸਤ | ੨੬ 10 ਅਗਸਤ |
| ੨੭ 11 ਅਗਸਤ | ੨੮ 12 ਅਗਸਤ | ੨੯ 13 ਅਗਸਤ | ੩੦ 14 ਅਗਸਤ | ੩੧ 15 ਅਗਸਤ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ 15 ਸਤੰਬਰ | | | | | ੧ 16 ਅਗਸਤ | ੨ 17 ਅਗਸਤ |
| ੩ 18 ਅਗਸਤ | ੪ 19 ਅਗਸਤ | ੫ 20 ਅਗਸਤ | ੬ 21 ਅਗਸਤ | ੭ 22 ਅਗਸਤ | ੮ 23 ਅਗਸਤ | ੯ 24 ਅਗਸਤ |
| ੧੦ 25 ਅਗਸਤ | ੧੧ 26 ਅਗਸਤ | ੧੨ 27 ਅਗਸਤ | ੧੩ 28 ਅਗਸਤ | ੧੪ 29 ਅਗਸਤ | ੧੫ 30 ਅਗਸਤ | ੧੬ 31 ਅਗਸਤ |
| ੧੭ 1 ਸਤੰਬਰ | ੧੮ 2 ਸਤੰਬਰ | ੧੯ 3 ਸਤੰਬਰ | ੨੦ 4 ਸਤੰਬਰ | ੨੧ 5 ਸਤੰਬਰ | ੨੨ 6 ਸਤੰਬਰ | ੨੩ 7 ਸਤੰਬਰ |
| ੨੪ 8 ਸਤੰਬਰ | ੨੫ 9 ਸਤੰਬਰ | ੨੬ 10 ਸਤੰਬਰ | ੨੭ 11 ਸਤੰਬਰ | ੨੮ 12 ਸਤੰਬਰ | ੨੯ 13 ਸਤੰਬਰ | ੩੦ 14 ਸਤੰਬਰ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ 16 ਸਤੰਬਰ | ੨ 17 ਸਤੰਬਰ | ੩ 18 ਸਤੰਬਰ | ੪ 19 ਸਤੰਬਰ | ੫ 20 ਸਤੰਬਰ | ੬ 21 ਸਤੰਬਰ |
| ੭ 22 ਸਤੰਬਰ | ੮ 23 ਸਤੰਬਰ | ੯ 24 ਸਤੰਬਰ | ੧੦ 25 ਸਤੰਬਰ | ੧੧ 26 ਸਤੰਬਰ | ੧੨ 27 ਸਤੰਬਰ | ੧੩ 28 ਸਤੰਬਰ |
| ੧੪ 29 ਸਤੰਬਰ | ੧੫ 30 ਸਤੰਬਰ | ੧੬ 1 ਅਕਤੂਬਰ | ੧੭ 2 ਅਕਤੂਬਰ | ੧੮ 3 ਅਕਤੂਬਰ | ੧੯ 4 ਅਕਤੂਬਰ | ੨੦ 5 ਅਕਤੂਬਰ |
| ੨੧ 6 ਅਕਤੂਬਰ | ੨੨ 7 ਅਕਤੂਬਰ | ੨੩ 8 ਅਕਤੂਬਰ | ੨੪ 9 ਅਕਤੂਬਰ | ੨੫ 10 ਅਕਤੂਬਰ | ੨੬ 11 ਅਕਤੂਬਰ | ੨੭ 12 ਅਕਤੂਬਰ |
| ੨੮ 13 ਅਕਤੂਬਰ | ੨੯ 14 ਅਕਤੂਬਰ | ੩੦ 15 ਅਕਤੂਬਰ | ੩੧ 16 ਅਕਤੂਬਰ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ 17 ਅਕਤੂਬਰ | ੨ 18 ਅਕਤੂਬਰ | ੩ 19 ਅਕਤੂਬਰ |
| ੪ 20 ਅਕਤੂਬਰ | ੫ 21 ਅਕਤੂਬਰ | ੬ 22 ਅਕਤੂਬਰ | ੭ 23 ਅਕਤੂਬਰ | ੮ 24 ਅਕਤੂਬਰ | ੯ 25 ਅਕਤੂਬਰ | ੧੦ 26 ਅਕਤੂਬਰ |
| ੧੧ 27 ਅਕਤੂਬਰ | ੧੨ 28 ਅਕਤੂਬਰ | ੧੩ 29 ਅਕਤੂਬਰ | ੧੪ 30 ਅਕਤੂਬਰ | ੧੫ 31 ਅਕਤੂਬਰ | ੧੬ 1 ਨਵੰਬਰ | ੧੭ 2 ਨਵੰਬਰ |
| ੧੮ 3 ਨਵੰਬਰ | ੧੯ 4 ਨਵੰਬਰ | ੨੦ 5 ਨਵੰਬਰ | ੨੧ 6 ਨਵੰਬਰ | ੨੨ 7 ਨਵੰਬਰ | ੨੩ 8 ਨਵੰਬਰ | ੨੪ 9 ਨਵੰਬਰ |
| ੨੫ 10 ਨਵੰਬਰ | ੨੬ 11 ਨਵੰਬਰ | ੨੭ 12 ਨਵੰਬਰ | ੨੮ 13 ਨਵੰਬਰ | ੨੯ 14 ਨਵੰਬਰ | ੩੦ 15 ਨਵੰਬਰ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ 16 ਨਵੰਬਰ |
| ੨ 17 ਨਵੰਬਰ | ੩ 18 ਨਵੰਬਰ | ੪ 19 ਨਵੰਬਰ | ੫ 20 ਨਵੰਬਰ | ੬ 21 ਨਵੰਬਰ | ੭ 22 ਨਵੰਬਰ | ੮ 23 ਨਵੰਬਰ |
| ੯ 24 ਨਵੰਬਰ | ੧੦ 25 ਨਵੰਬਰ | ੧੧ 26 ਨਵੰਬਰ | ੧੨ 27 ਨਵੰਬਰ | ੧੩ 28 ਨਵੰਬਰ | ੧੪ 29 ਨਵੰਬਰ | ੧੫ 30 ਨਵੰਬਰ |
| ੧੬ 1 ਦਸੰਬਰ | ੧੭ 2 ਦਸੰਬਰ | ੧੮ 3 ਦਸੰਬਰ | ੧੯ 4 ਦਸੰਬਰ | ੨੦ 5 ਦਸੰਬਰ | ੨੧ 6 ਦਸੰਬਰ | ੨੨ 7 ਦਸੰਬਰ |
| ੨੩ 8 ਦਸੰਬਰ | ੨੪ 9 ਦਸੰਬਰ | ੨੫ 10 ਦਸੰਬਰ | ੨੬ 11 ਦਸੰਬਰ | ੨੭ 12 ਦਸੰਬਰ | ੨੮ 13 ਦਸੰਬਰ | ੨੯ 14 ਦਸੰਬਰ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ 15 ਦਸੰਬਰ | ੨ 16 ਦਸੰਬਰ | ੩ 17 ਦਸੰਬਰ | ੪ 18 ਦਸੰਬਰ | ੫ 19 ਦਸੰਬਰ | ੬ 20 ਦਸੰਬਰ | ੭ 21 ਦਸੰਬਰ |
| ੮ 22 ਦਸੰਬਰ | ੯ 23 ਦਸੰਬਰ | ੧੦ 24 ਦਸੰਬਰ | ੧੧ 25 ਦਸੰਬਰ | ੧੨ 26 ਦਸੰਬਰ | ੧੩ 27 ਦਸੰਬਰ | ੧੪ 28 ਦਸੰਬਰ |
| ੧੫ 29 ਦਸੰਬਰ | ੧੬ 30 ਦਸੰਬਰ | ੧੭ 31 ਦਸੰਬਰ | ੧੮ 1 ਜਨਵਰੀ | ੧੯ 2 ਜਨਵਰੀ | ੨੦ 3 ਜਨਵਰੀ | ੨੧ 4 ਜਨਵਰੀ |
| ੨੨ 5 ਜਨਵਰੀ | ੨੩ 6 ਜਨਵਰੀ | ੨੪ 7 ਜਨਵਰੀ | ੨੫ 8 ਜਨਵਰੀ | ੨੬ 9 ਜਨਵਰੀ | ੨੭ 10 ਜਨਵਰੀ | ੨੮ 11 ਜਨਵਰੀ |
| ੨੯ 12 ਜਨਵਰੀ | ੩੦ 13 ਜਨਵਰੀ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ 14 ਜਨਵਰੀ | ੨ 15 ਜਨਵਰੀ | ੩ 16 ਜਨਵਰੀ | ੪ 17 ਜਨਵਰੀ | ੫ 18 ਜਨਵਰੀ |
| ੬ 19 ਜਨਵਰੀ | ੭ 20 ਜਨਵਰੀ | ੮ 21 ਜਨਵਰੀ | ੯ 22 ਜਨਵਰੀ | ੧੦ 23 ਜਨਵਰੀ | ੧੧ 24 ਜਨਵਰੀ | ੧੨ 25 ਜਨਵਰੀ |
| ੧੩ 26 ਜਨਵਰੀ | ੧੪ 27 ਜਨਵਰੀ | ੧੫ 28 ਜਨਵਰੀ | ੧੬ 29 ਜਨਵਰੀ | ੧੭ 30 ਜਨਵਰੀ | ੧੮ 31 ਜਨਵਰੀ | ੧੯ 1 ਫਰਵਰੀ |
| ੨੦ 2 ਫਰਵਰੀ | ੨੧ 3 ਫਰਵਰੀ | ੨੨ 4 ਫਰਵਰੀ | ੨੩ 5 ਫਰਵਰੀ | ੨੪ 6 ਫਰਵਰੀ | ੨੫ 7 ਫਰਵਰੀ | ੨੬ 8 ਫਰਵਰੀ |
| ੨੭ 9 ਫਰਵਰੀ | ੨੮ 10 ਫਰਵਰੀ | ੨੯ 11 ਫਰਵਰੀ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ 12 ਫਰਵਰੀ | ੨ 13 ਫਰਵਰੀ | ੩ 14 ਫਰਵਰੀ | ੪ 15 ਫਰਵਰੀ |
| ੫ 16 ਫਰਵਰੀ | ੬ 17 ਫਰਵਰੀ | ੭ 18 ਫਰਵਰੀ | ੮ 19 ਫਰਵਰੀ | ੯ 20 ਫਰਵਰੀ | ੧੦ 21 ਫਰਵਰੀ | ੧੧ 22 ਫਰਵਰੀ |
| ੧੨ 23 ਫਰਵਰੀ | ੧੩ 24 ਫਰਵਰੀ | ੧੪ 25 ਫਰਵਰੀ | ੧੫ 26 ਫਰਵਰੀ | ੧੬ 27 ਫਰਵਰੀ | ੧੭ 28 ਫਰਵਰੀ | ੧੮ 1 ਮਾਰਚ |
| ੧੯ 2 ਮਾਰਚ | ੨੦ 3 ਮਾਰਚ | ੨੧ 4 ਮਾਰਚ | ੨੨ 5 ਮਾਰਚ | ੨੩ 6 ਮਾਰਚ | ੨੪ 7 ਮਾਰਚ | ੨੫ 8 ਮਾਰਚ |
| ੨੬ 9 ਮਾਰਚ | ੨੭ 10 ਮਾਰਚ | ੨੮ 11 ਮਾਰਚ | ੨੯ 12 ਮਾਰਚ | ੩੦ 13 ਮਾਰਚ | | |

● ਸੰਗਰਾਂਦ ● ਮੱਸਿਆ ● ਪੂਰਨਮਾਸੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

| | |
|---|---|
| ਅਰੰਭਤਾ ਸੰਮਤ ਨਾਨਕਸ਼ਾਹੀ 556 | 01 ਚੇਤ |
| ਸ਼ਹੀਦੀ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ | 01 ਚੇਤ |
| ਸ. ਬਘੇਲ ਸਿੰਘ ਵੱਲੋਂ ਦਿੱਲੀ ਫ਼ਤਿਹ | 02 ਚੇਤ |
| ਸ਼ਹੀਦੀ ਸ. ਭਗਤ ਸਿੰਘ | 10 ਚੇਤ |
| ਸ਼ਹੀਦੀ ਭਾਈ ਸੁਬੇਗ ਸਿੰਘ ਭਾਈ ਸ਼ਾਹਬਾਜ ਸਿੰਘ ਜੀ | 12 ਚੇਤ |
| ਹੋਲਾ ਮਹੱਲਾ | 13 ਚੇਤ |
| ਗੁਰਿਆਈ ਦਿਵਸ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | 25 ਚੇਤ |
| ਗੁਰਿਆਈ ਦਿਵਸ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ | 27 ਚੇਤ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ | 27 ਚੇਤ |
| ਜੋਤੀ-ਜੋਤਿ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ | 30 ਚੇਤ |
| ਜੋਤੀ-ਜੋਤਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | 01 ਵੈਸਾਖ |
| ਖ਼ਾਲਸਾ ਸਾਜਣਾ ਦਿਵਸ (ਵੈਸਾਖੀ) | 01 ਵੈਸਾਖ |
| ਸਿੱਖ ਦਸਤਾਰ ਦਿਵਸ | 01 ਵੈਸਾਖ |
| ਜਨਮ ਦਿਹਾੜਾ ਭਗਤ ਧੰਨਾ ਜੀ | 08 ਵੈਸਾਖ |
| ਗੁਰਿਆਈ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | 10 ਵੈਸਾਖ |
| ਜੋਤੀ-ਜੋਤਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ | 10 ਵੈਸਾਖ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | 17 ਵੈਸਾਖ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ | 18 ਵੈਸਾਖ |
| ਸ਼ਹੀਦੀ ਜੋੜ-ਮੇਲਾ ਸ੍ਰੀ ਮੁਕਤਸਰ ਸਾਹਿਬ | 21 ਵੈਸਾਖ |

| | |
|---|---|
| ਜਨਮ ਸ. ਜੱਸਾ ਸਿੰਘ ਜੀ ਰਾਮਗੜ੍ਹੀਆ | 23 ਵੈਸਾਖ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ | 27 ਵੈਸਾਖ |
| ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਫ਼ਤਿਹ ਦਿਵਸ | 30 ਵੈਸਾਖ |
| ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) | 03 ਜੇਠ |
| ਜਨਮ ਸ. ਜੱਸਾ ਸਿੰਘ ਜੀ ਆਹਲੂਵਾਲੀਆ | 05 ਜੇਠ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ | 09 ਜੇਠ |
| ਸ਼ਹੀਦੀ ਸਾਕਾ ਪਾਉਂਟਾ ਸਾਹਿਬ | 09 ਜੇਠ |
| ਗੁਰਿਆਈ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | 18 ਜੇਠ |
| ਘੱਲੂਘਾਰਾ ਸ੍ਰੀ ਅਕਾਲ ਤਖ਼ਤ ਸਾਹਿਬ (1984) | 22 ਜੇਠ |
| ਸ਼ਹੀਦੀ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲੇ ਤੇ | |
| ਭਾਈ ਅਮਰੀਕ ਸਿੰਘ ਜੀ | 24 ਜੇਠ |
| ਸ਼ਹੀਦੀ ਦਿਵਸ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ | 28 ਜੇਠ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ | 09 ਹਾੜ |
| ਜਨਮ ਦਿਹਾੜਾ ਭਗਤ ਕਬੀਰ ਜੀ | 09 ਹਾੜ |
| ਸ਼ਹੀਦੀ ਦਿਹਾੜਾ ਬਾਬਾ ਬੰਦਾ ਸਿੰਘ ਜੀ ਬਹਾਦਰ | 11 ਹਾੜ |
| ਸਿਰਜਣਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ | 13 ਹਾੜ |
| ਬਰਸੀ ਮਹਾਰਾਜਾ ਰਣਜੀਤ ਸਿੰਘ ਜੀ | 15 ਹਾੜ |
| ਸ਼ਹੀਦੀ ਦਿਹਾੜਾ ਭਾਈ ਮਨੀ ਸਿੰਘ ਜੀ | 25 ਹਾੜ |
| ਮੀਰੀ-ਪੀਰੀ ਦਿਵਸ ਪਾਤਸ਼ਾਹੀ ਛੇਵੀਂ | 01 ਸਾਵਣ |

| | |
|---|---|
| ਸ਼ਹੀਦੀ ਦਿਹਾੜਾ ਭਾਈ ਤਾਰੂ ਸਿੰਘ ਜੀ | 01 ਸਾਵਣ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ | 14 ਸਾਵਣ |
| ਮੋਰਚਾ ਗੁਰੂ ਕਾ ਬਾਗ (ਸ੍ਰੀ ਅੰਮ੍ਰਿਤਸਰ) | 24 ਸਾਵਣ |
| ਭਾਰਤ ਦਾ ਅਜ਼ਾਦੀ ਦਿਵਸ | 31 ਸਾਵਣ |
| ਜੋੜ-ਮੇਲਾ ਬਾਬਾ ਬਕਾਲਾ | 04 ਭਾਦੋਂ |
| ਸੰਪੂਰਨਤਾ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ | 14 ਭਾਦੋਂ |
| ਪਹਿਲਾ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ | 20 ਭਾਦੋਂ |
| ਗੁਰਿਆਈ ਦਿਵਸ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ | 21 ਭਾਦੋਂ |
| ਜੋਤੀ-ਜੋਤਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ | 22 ਭਾਦੋਂ |
| ਜੋੜ-ਮੇਲਾ ਗੁਰਦੁਆਰਾ ਕੰਧ ਸਾਹਿਬ ਤੇ ਗੁ: ਡੇਹਰਾ ਸਾਹਿਬ | |
| ਵਿਆਹ ਪੁਰਬ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ (ਬਟਾਲਾ) | 26 ਭਾਦੋਂ |
| ਗੁਰਿਆਈ ਦਿਵਸ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ | 01 ਅੱਸੂ |
| ਜੋਤੀ-ਜੋਤਿ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ | |
| (ਜੋੜ-ਮੇਲਾ ਗੋਇੰਦਵਾਲ ਸਾਹਿਬ) 450 ਸਾਲਾ | 03 ਅੱਸੂ |
| ਗੁਰਿਆਈ ਦਿਵਸ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ | 07 ਅੱਸੂ |
| ਜੋਤੀ-ਜੋਤਿ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ | 12 ਅੱਸੂ |
| ਦਰਬਾਰ ਖ਼ਾਲਸਾ (ਦੁਸਹਿਰਾ) | 27 ਅੱਸੂ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ | 03 ਕੱਤਕ |
| ਜਨਮ ਦਿਹਾੜਾ ਬਾਬਾ ਬੁੱਢਾ ਜੀ (ਕੱਥੂਨੰਗਲ) | 07 ਕੱਤਕ |

| | |
|---|---|
| ਜੋਤੀ-ਜੋਤਿ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | 09 ਕੱਤਕ |
| ਗੁਰਿਆਈ ਦਿਵਸ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ | 09 ਕੱਤਕ |
| ਸਾਕਾ ਪੰਜਾ ਸਾਹਿਬ (ਪਾਕਿਸਤਾਨ) | 14 ਕੱਤਕ |
| ਸ਼ਹੀਦੀ ਭਾਈ ਬੇਅੰਤ ਸਿੰਘ ਜੀ | 15 ਕੱਤਕ |
| ਬੰਦੀ ਛੋੜ ਦਿਵਸ (ਦੀਵਾਲੀ) | 16 ਕੱਤਕ |
| ਪੰਜਾਬੀ ਸੂਬਾ ਦਿਵਸ | 16 ਕੱਤਕ |
| ਗੁਰਿਆਈ ਦਿਵਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ | 18 ਕੱਤਕ |
| ਜਨਮ ਮਾਤਾ ਸਾਹਿਬ ਕੌਰ ਜੀ | 18 ਕੱਤਕ |
| ਜੋਤੀ-ਜੋਤਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ | 21 ਕੱਤਕ |
| ਜਨਮ ਦਿਹਾੜਾ ਭਗਤ ਨਾਮਦੇਵ ਜੀ | 27 ਕੱਤਕ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ | 30 ਕੱਤਕ |
| ਸ਼ਹੀਦੀ ਦਿਹਾੜਾ ਬਾਬਾ ਦੀਪ ਸਿੰਘ ਜੀ | 30 ਕੱਤਕ |
| ਸਥਾਪਨਾ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ | 30 ਕੱਤਕ |
| ਅਕਾਲ ਚਲਾਣਾ ਭਾਈ ਮਰਦਾਨਾ ਜੀ | 13 ਮੱਘਰ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ | 15 ਮੱਘਰ |
| ਗੁਰਿਆਈ ਦਿਵਸ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ | 19 ਮੱਘਰ |
| ਸ਼ਹੀਦੀ ਦਿਹਾੜਾ ਬਾਬਾ ਗੁਰਬਖਸ਼ ਸਿੰਘ ਜੀ | 19 ਮੱਘਰ |
| ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | 21 ਮੱਘਰ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ | 29 ਮੱਘਰ |

| | |
|---|---|
| ਸਥਾਪਨਾ ਦਿਵਸ ਸ਼੍ਰੋਮਣੀ ਅਕਾਲੀ ਦਲ | 29 ਮੱਘਰ |
| ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਛੱਡਣਾ | 06 ਪੋਹ |
| ਸ਼ਹੀਦੀ ਦਿਹਾੜਾ ਬਾਬਾ ਜੀਵਨ ਸਿੰਘ ਜੀ (ਭਾਈ ਜੇਤਾ ਜੀ) | 07 ਪੋਹ |
| ਸ਼ਹੀਦੀ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਸਾਹਿਬ ਦੇ ਹੋਰ ਸ਼ਹੀਦ | 08 ਪੋਹ |
| ਸ਼ਹੀਦੀ ਦਿਹਾੜਾ ਭਾਈ ਸੰਗਤ ਸਿੰਘ ਜੀ | 09 ਪੋਹ |
| ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ | 13 ਪੋਹ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ (ਪੋਹ ਸੁਦੀ ਸੱਤਵੀਂ) | 23 ਪੋਹ |
| ਸ਼ਹੀਦੀ ਭਾਈ ਕੇਹਰ ਸਿੰਘ ਤੇ ਭਾਈ ਸਤਵੰਤ ਸਿੰਘ ਜੀ | 23 ਪੋਹ |
| ਨੀਂਹ ਪੱਥਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਅੰਮ੍ਰਿਤਸਰ) | 01 ਮਾਘ |
| ਜੋੜ-ਮੇਲਾ ਸ੍ਰੀ ਮੁਕਤਸਰ ਸਾਹਿਬ (ਮਾਘੀ) | 01 ਮਾਘ |
| ਜਨਮ ਦਿਹਾੜਾ ਬਾਬਾ ਦੀਪ ਸਿੰਘ ਜੀ | 14 ਮਾਘ |
| ਵਿਆਹ ਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ (ਗੁਰੂ ਕਾ ਲਾਹੌਰ) | 20 ਮਾਘ |
| ਬਸੰਤ ਪੰਚਮੀ | 20 ਮਾਘ |
| ਵੱਡਾ ਘੱਲੂਘਾਰਾ ਕੁੱਪ-ਰੋਹੀੜਾ (ਸੰਗਰੂਰ) | 27 ਮਾਘ |
| ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | 28 ਮਾਘ |
| ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ | 29 ਮਾਘ |
| ਜਨਮ ਦਿਹਾੜਾ ਭਗਤ ਰਵਿਦਾਸ ਜੀ | 01 ਫੱਗਣ |
| ਸਾਕਾ ਨਨਕਾਣਾ ਸਾਹਿਬ | 10 ਫੱਗਣ |
| ਜੈਤੋ ਦਾ ਮੋਰਚਾ (ਫਰੀਦਕੋਟ) | 10 ਫੱਗਣ |

ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.
ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

**21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।**

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

**ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।**

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

**ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ**

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ
ਆਵਾਜ਼ਿ ਕੌਮ AWAZE QAUM WEB TV
'ਤੇ ਦੇਖਿਆ ਜਾ ਸਕਦਾ ਹੈ।

ਕਲਜੁਗ ਮਹਿ ਕੀਰਤਨੁ ਪਰਧਾਨਾ॥ ਗੁਰਮੁਖਿ ਜਪੀਐ ਲਾਇ ਧਿਆਨਾ॥

ਵਿਸਾਖੀ 1978 ਅਤੇ ਜੂਨ 1984 ਦੇ ਸ਼ਹੀਦਾਂ ਦੀ 40 ਸਾਲਾ ਯਾਦ ਵਿੱਚ ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਡਰਬੀ ਵਿਖੇ

# ਸਲਾਨਾ ਇੰਟਰਨੈਸ਼ਨਲ ਅਖੰਡ ਕੀਰਤਨ ਸਮਾਗਮ 25 ਮਾਰਚ ਤੋਂ 1 ਅਪ੍ਰੈਲ ਤੱਕ

# ਇੰਟਰਨੈਸ਼ਨਲ ਰੈਣ ਸਬਾਈ ਕੀਰਤਨ

## 30 ਮਾਰਚ ਐਤਵਾਰ ਸ਼ਾਮ 6:00 ਤੋਂ 1 ਅਪ੍ਰੈਲ 5:00 ਵਜੇ ਸਵੇਰ ਤੱਕ

VENUE: GURDWARA SRI GURU SINGH SABHA, PRINCES STREET, DERBY, DE23 8NT. TEL: 01332 773010

ਗੁਰੂ ਪਿਆਰੀ ਸਾਧ ਸੰਗਤ ਜੀਓ,

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਖਾਲਸਾ ਪੰਥ ਦੇ ਸਿਰਜਨਾ ਦਿਵਸ ਵਿਸਾਖੀ ਅਤੇ 1978 ਦੇ ਸ਼ਹੀਦਾਂ ਦੀ ਯਾਦ ਵਿਚ ਆਯੋਜਿਤ ਕੀਤੇ ਜਾ ਰਹੇ ਸਾਲਾਨਾ ਇੰਟਰਨੈਸ਼ਨਲ ਕੀਰਤਨ ਸਮਾਗਮਾਂ ਵਿਚ ਕੀਰਤਨ ਦੀਆਂ ਹਾਜ਼ਰੀਆਂ ਭਰਨ ਲਈ ਦੇਸ਼ ਵਿਦੇਸ਼ ਤੋਂ ਬਹੁਤ ਸਾਰੇ ਉੱਘੇ ਕੀਰਤਨੀਏ ਪਹੁੰਚ ਰਹੇ ਹਨ। ਸਮੂਹ ਸਾਧ ਸੰਗਤ, ਗੁਰਦੁਆਰਾ ਸਾਹਿਬਾਨ ਦੇ ਸੇਵਾਦਾਰਾਂ ਅਤੇ ਸਮੂਹ ਸਿੱਖ ਸੰਸਥਾਵਾਂ ਦੇ ਸੇਵਾਦਾਰਾਂ ਨੂੰ ਸਮਾਗਮਾਂ ਵਿਚ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਸਿੰਘ ਸਭਾ ਡਰਬੀ ਵਿਖੇ ਪਹੁੰਚ ਕੇ ਹਾਜ਼ਰੀਆਂ ਭਰੋ ਅਤੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

## ਪ੍ਰੋਗਰਾਮ ਦਾ ਵੇਰਵਾ : ਸ੍ਰੀ ਅਖੰਡ ਪਾਠ ਸਾਹਿਬ

ਆਰੰਭ ਸੋਮਵਾਰ 25 ਮਾਰਚ ਸਵੇਰੇ 6:00 ਵਜੇ - ਭੋਗ ਬੁੱਧਵਾਰ 27 ਮਾਰਚ ਸ਼ਾਮ 6:00 ਵਜੇ ਉਪ੍ਰੰਤ ਦੀਵਾਨ ਸਜੇਗਾ ਅਤੇ ਸ਼ਾਮ 6:00 ਤੋਂ 9:00 ਵਜੇ ਤੱਕ ਅਖੰਡ ਕੀਰਤਨ ਹੋਵੇਗਾ

### ਆਸਾ ਦੀ ਵਾਰ ਕੀਰਤਨ

ਵੀਰਵਾਰ 28 ਮਾਰਚ ਸਵੇਰੇ 6 ਵਜੇ ਆਰੰਭ
ਸ਼ੁੱਕਰਵਾਰ 29 ਮਾਰਚ ਸਵੇਰੇ 6 ਵਜੇ ਆਰੰਭ
ਸ਼ਨੀਵਾਰ 30 ਮਾਰਚ ਸਵੇਰੇ 6 ਵਜੇ ਆਰੰਭ

### ਸ਼ਾਮ ਨੂੰ ਪਾਠ ਰਹਿਰਾਸ ਤੇ ਕੀਰਤਨ

ਵੀਰਵਾਰ 28 ਮਾਰਚ ਸ਼ਾਮ 6:00 ਤੋਂ 9:00
ਸ਼ੁੱਕਰਵਾਰ 29 ਮਾਰਚ ਸ਼ਾਮ 6:00 ਤੋਂ 10:00
ਸ਼ਨੀਵਾਰ 30 ਮਾਰਚ ਸ਼ਾਮ 6:00 ਤੋਂ 12:00

# ਵਿਸ਼ੇਸ਼ ਪੰਥਕ ਗੋਸ਼ਟੀ

## 31 ਮਾਰਚ ਐਤਵਾਰ ਨੂੰ ਸਵੇਰੇ 11 ਤੋਂ 1 ਵਜੇ ਤੱਕ

ਹੇਠਾਂ ਲਿਖੇ ਬੁਲਾਰੇ ਵੱਖ ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕਰਨਗੇ

* ਪ੍ਰੋ: ਦਲਜੀਤ ਸਿੰਘ ਵਿਰਕ - ਅਖੰਡ ਕੀਰਤਨੀ ਜਥੇ ਵੱਲੋਂ ਸਿੱਖੀ ਦੇ ਪ੍ਰਚਾਰ ਲਈ ਯੋਗਦਾਨ
* ਪ੍ਰਿੰਸੀਪਲ ਸੁਜਿੰਦਰ ਸਿੰਘ ਸੰਘਾ - ਸਿੱਖ ਪੰਥ ਦੀ ਮੌਜੂਦਾ ਸਿਆਸੀ ਸਥਿਤੀ ਅਤੇ ਸਿੱਖਾਂ ਦਾ ਪੰਜਾਬ ਵਿੱਚ ਬੋਲਬਾਲਾ ਕਿਵੇਂ ਹੋਵੇ
* ਭਾਈ ਜੋਗਿੰਦਰ ਸਿੰਘ - ਕੂੜ ਡੰਮ੍ਹ, ਡੇਰਾਵਾਦ ਅਤੇ ਦੂਜੇ ਧਰਮਾਂ ਦਾ ਵੱਧ ਰਿਹਾ ਪ੍ਰਭਾਵ
* ਭਾਈ ਜੇਗਾ ਸਿੰਘ - 1978 ਅਤੇ ਜੂਨ 1984 ਦੇ ਸਾਕੇ ਅਤੇ ਪਾਕਿਸਤਾਨ ਵਿੱਚ ਗੁਰ ਅਸਥਾਨਾਂ ਦੀ ਹੋ ਰਹੀ ਕਾਰ ਸੇਵਾ ਬਾਰੇ ਚਾਨਣਾ ਪਾਉਣਗੇ
* ਭਾਈ ਬਲਬੀਰ ਸਿੰਘ ਬੈਂਸ - ਬੰਦੀ ਸਿੰਘਾਂ ਤੇ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਦੀ ਰਿਹਾਈ
* ਮਨਪ੍ਰੀਤ ਸਿੰਘ (wsp)- ਖਾਲਸਾ ਹਲੇਮੀ ਰਾਜ ਦੀ ਜ਼ਰੂਰਤ ਤੇ ਸਰੋਕਾਰ (ਕਿਹੋ ਜਿਹਾ ਹੋਏਗਾ)
* ਤੇਜਾ ਸਿੰਘ - ਯੂ ਕੇ 'ਚ ਸਿੱਖ ਸਕੂਲਾਂ ਦਾ ਐਜੂਕੇਸ਼ਨ ਵਿੱਚ ਸਥਾਨ ਤੇ ਪ੍ਰਾਪਤੀਆਂ
* ਗੁਰਮੇਲ ਸਿੰਘ ਕੰਦੋਲਾ (ਸੁਪਰੀਮ ਸਿੱਖ ਕੌਂਸਲ) - ਬਰਤਾਨਵੀ ਸਰਕਾਰ ਵੱਲੋਂ ਅੱਤਵਾਦ ਸਬੰਧੀ ਬਣਾਏ ਗਏ ਨਵੇਂ ਕਾਨੂੰਨਾਂ ਦਾ ਸਿੱਖਾਂ ਉੱਤੇ ਅਸਰ ਹੋ ਸਕਦਾ ਹੈ
* ਰਣਜੀਤ ਸਿੰਘ ਰਾਣਾ - ਖਾਲਸਾ ਸਿਰਜਨਾ ਦੇ ਸੰਦਰਭ ਵਿੱਚ ਮੌਜੂਦਾ ਖਾਲਸਾ ਪੰਥ ਦੀ ਸਥਿਤੀ
* ਦੁਪਿੰਦਰਜੀਤ ਸਿੰਘ - ਖਾਲਸਾ ਹਲੇਮੀ ਰਾਜ ਦੀ ਸਥਾਪਤੀ ਲਈ ਰਣਨੀਤੀ ਕੀ ਹੋਵੇ
* ਡਾ: ਗੁਰਨਾਮ ਸਿੰਘ - ਸਿੱਖ ਮੀਡੀਆ ਦੀਆਂ ਜ਼ਿੰਮੇਵਾਰੀਆਂ ਅਤੇ ਚੁਣੌਤੀਆਂ




## ਅੰਮ੍ਰਿਤ ਸੰਚਾਰ 30 ਮਾਰਚ ਸ਼ਨਿਚਰਵਾਰ ਨੂੰ

30 ਮਾਰਚ 2024 ਦਿਨ ਸ਼ਨਿੱਚਰਵਾਰ ਨੂੰ ਦੁਪਹਿਰ 2:00 ਵਜੇ ਅੰਮ੍ਰਿਤ ਸੰਚਾਰ ਹੋ ਰਹੇ ਹਨ, ਅਭਿਲਾਖੀ ਸੱਜਣ ਤਿਆਰ ਬਰ ਤਿਆਰ ਹੋ, ਕੇਸ ਇਸ਼ਨਾਨ ਕਰ ਸਮੇਂ ਸਿਰ ਪਹੁੰਚਣ ਦੀ ਮਿਹਰਬਾਨੀ ਕਰਨ ਅਤੇ ਪ੍ਰਬੰਧਕਾਂ ਕੋਲ ਆਪਣੇ ਨਾਂ ਲਿਖਵਾ ਦੇਣ।



## ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਹਵਾਈ ਅੱਡੇ / ਟਰੇਨ ਸਟੇਸ਼ਨ ਤੋਂ ਲਿਆਉਣ ਲਈ
ਭਾਈ ਬਗਵੀਰ ਸਿੰਘ - 07908 266984
ਰਿਹਾਇਸ਼ ਦਾ ਪ੍ਰਬੰਧ - 07770 909680 / 07514 505239
ਨੋਟ:- ਆਪਣੇ ਸ਼ਹਿਰਾਂ ਵਿੱਚ ਟਰਾਂਸਪੋਰਟ ਬਾਰੇ ਜਾਣਕਾਰੀ ਲਈ ਅਖੰਡ ਕੀਰਤਨੀ ਜਥੇ ਦੇ ਸਥਾਨਕ ਸੇਵਾਦਾਰਾਂ ਨਾਲ ਸੰਪਰਕ ਕਰੋ ਜੀ

ਵੱਖ ਵੱਖ ਟੀ ਵੀ ਚੈਨਲਾਂ, ਸਿੰਘ ਸਭਾ ਯੂ ਟਿਊਬ ਅਤੇ ਅਖੰਡ ਕੀਰਤਨੀ ਜਥੇ ਦੇ ਇੰਟਰਨੈਟ ਰੇਡੀਓ ਵੱਲੋਂ ਸਮਾਗਮਾਂ ਦੀ ਕਵਰੇਜ ਦਿੱਤੀ ਜਾਵੇਗੀ

**ਬੇਨਤੀ ਕਰਤਾ:** **ਅਖੰਡ ਕੀਰਤਨੀ ਜਥਾ ਯੂ ਕੇ** — ਜਨਰਲ ਸੈਕਟਰੀ - ਭਾਈ ਦਲਜੀਤ ਸਿੰਘ ਵਿਰਕ

**ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ** — ਪ੍ਰਧਾਨ: ਭਾਈ ਰਘਬੀਰ ਸਿੰਘ, ਜ: ਸੈਕਟਰੀ: ਭਾਈ ਰਜਿੰਦਰ ਸਿੰਘ, ਖਜ਼ਾਨਚੀ: ਅਜੀਤ ਸਿੰਘ - 07533 362911

VENUE: GURDWARA SRI GURU SINGH SABHA, PRINCES STREET, DERBY, DE23 8NT. TEL: 01332 773010

## 1 ਅਪ੍ਰੈਲ ਨੂੰ ਬਰਸੀ 'ਤੇ ਵਿਸ਼ੇਸ਼

# ਬਹੁਪੱਖੀ ਸ਼ਖ਼ਸੀਅਤ ਜਥੇਦਾਰ ਗੁਰਚਰਨ ਸਿੰਘ ਟੌਹੜਾ

## ਜਥੇਦਾਰ ਟੌਹੜਾ ਨੇ ਦੇਸ਼ਾਂ-ਵਿਦੇਸ਼ਾਂ ਵਿੱਚ ਗੁਰਮਤਿ ਦਾ ਪ੍ਰਚਾਰ ਕਰਕੇ ਲੱਖਾਂ ਹੀ ਸੰਗਤਾਂ ਨੂੰ ਸਿੱਖੀ ਨਾਲ ਜੋੜਿਆ

**ਸਿੱਖ ਸਿਆਸਤ** ਅਤੇ ਧਾਰਮਿਕ ਮਾਮਲਿਆਂ ਤੇ ਕਈ ਦਹਾਕਿਆਂ ਤੱਕ ਬੋਹੜ ਵਾਂਗ ਛਾਏ ਰਹਿਣ ਵਾਲੇ, ਆਪਣੀ ਸਮੁੱਚੀ ਜ਼ਿੰਦਗੀ ਪੰਥ ਦੇ ਲੇਖੇ ਲਾਉਣ ਵਾਲੇ, ਸਿੱਖ ਪਰੰਪਰਾ ਤੇ ਪਹਿਰਾ ਦੇਣ ਵਾਲੇ, ਬੇਦਾਗ਼, ਇਮਾਨਦਾਰ ਤੇ ਨੇਕ ਨੀਅਤ ਵਾਲੇ ਸਿੱਖ ਆਗੂ ਜਥੇਦਾਰ ਗੁਰਚਰਨ ਸਿੰਘ ਟੌਹੜਾ ਸਨ।

ਜਥੇਦਾਰ ਗੁਰਚਰਨ ਸਿੰਘ ਟੌਹੜਾ ਦਾ ਜਨਮ ਸ੍ਰ: ਦਲੀਪ ਸਿੰਘ ਸਧਾਰਨ ਜੱਟ ਸਿੱਖ ਦੇ ਘਰ ਮਾਤਾ ਬਸੰਤ ਕੌਰ ਦੀ ਕੁੱਖ ਤੋਂ 24 ਸਤੰਬਰ 1924 ਈ: ਨੂੰ ਪਟਿਆਲਾ ਜ਼ਿਲ੍ਹੇ ਦੇ ਪਿੰਡ ਟੌਹੜਾ ਵਿਖੇ ਹੋਇਆ। ਆਪ ਨੇ ਮੁੱਢਲੀ ਵਿੱਦਿਆ ਪਿੰਡ 'ਚ ਹੀ ਪ੍ਰਾਪਤ ਕੀਤੀ। ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ਪੰਜਾਬੀ ਸਾਹਿਤ ਵਿੱਚ ਗਰੈਜੂਏਸ਼ਨ ਕੀਤੀ। ਜਥੇਦਾਰ ਟੌਹੜਾ ਕਿੱਤੇ ਵਜੋਂ ਕਿਸਾਨ ਸਨ। ਉਹਨਾਂ ਨੇ 13 ਸਾਲ ਦੀ ਉਮਰ ਵਿੱਚ ਅੰਮ੍ਰਿਤਪਾਨ ਕਰਕੇ ਅੰਮ੍ਰਿਤਧਾਰੀ ਸਿੱਖ ਦੇ ਰੂਪ ਵਿੱਚ ਜੀਵਨ ਸ਼ੁਰੂ ਕੀਤਾ। ਜਥੇਦਾਰ ਟੌਹੜਾ ਆਮ ਜੀਵਨ ਵਿੱਚ ਸਾਦੇ ਲਿਬਾਸ ਅਤੇ ਸਾਦੇ ਵਿਚਾਰਾਂ ਦੇ ਮਾਲਕ ਸਨ ਪਰ ਰਾਜਨੀਤੀ ਵਿੱਚ ਗੁੰਝਲਦਾਰ ਸਨ।

ਗੁਰਮਤਿ ਸਿਧਾਂਤਾਂ ਵਿੱਚ ਪ੍ਰਪੱਕ ਤੇ ਗੁਰਸਿੱਖ ਪਰਿਵਾਰ ਨਾਲ ਸੰਬੰਧਿਤ ਜਥੇਦਾਰ ਟੌਹੜਾ 1938 ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ ਬਣੇ, 1944 ਤੋਂ ਉਹਨਾਂ ਪੰਥਕ ਮੋਰਚਿਆਂ ਵਿੱਚ ਜਾਣਾ ਸ਼ੁਰੂ ਕੀਤਾ ਤਾਂ ਪੰਥਕ ਸੰਘਰਸ਼ਾਂ ਵਿੱਚ ਮੋਹਰੀ ਰਹੇ। 1948 ਵਿੱਚ ਉਹ ਸ਼੍ਰੋਮਣੀ ਅਕਾਲੀ ਦਲ ਦੇ ਸਿਆਸੀ ਸਕੱਤਰ ਬਣੇ, 1952 ਵਿੱਚ ਜ਼ਿਲ੍ਹਾ ਅਕਾਲੀ ਜਥਾ ਫ਼ਤਿਹਗੜ੍ਹ ਸਾਹਿਬ ਦੇ ਪ੍ਰਧਾਨ, 1957 ਵਿੱਚ ਜ਼ਿਲ੍ਹਾ ਅਕਾਲੀ ਜਥਾ ਪਟਿਆਲਾ ਦੇ ਪ੍ਰਧਾਨ ਬਣੇ। 1959 ਵਿੱਚ ਉਹ ਸ਼੍ਰੋਮਣੀ ਅਕਾਲੀ ਦਲ ਦੇ ਜੂਨੀਅਰ ਮੀਤ ਪ੍ਰਧਾਨ ਬਣੇ, 1960 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਪਹਿਲੀ ਵਾਰ ਮੈਂਬਰ ਦੇ ਤੌਰ 'ਤੇ ਸ਼ਾਮਲ ਹੋਏ। ਅਗਲੇ ਸਾਲ ਹੀ ਕਾਰਜਕਾਰੀ ਦੇ ਮੈਂਬਰ ਬਣ ਗਏ। 6 ਜਨਵਰੀ 1973 ਨੂੰ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਪਹਿਲੀ ਵਾਰ ਪ੍ਰਧਾਨ ਬਣੇ, 1986 ਤੱਕ ਇਸ ਅਹੁਦੇ ਤੇ ਬਰਕਰਾਰ ਰਹੇ। ਕੁਝ ਮਹੀਨਿਆਂ ਬਾਅਦ 1986 ਤੋਂ 1990 ਤੱਕ ਦੁਬਾਰਾ ਫਿਰ ਪ੍ਰਧਾਨ ਰਹੇ। ਇੱਕ ਸਾਲ ਬਾਅਦ 1991 ਤੋਂ 1998 ਤੱਕ ਲਗਾਤਾਰ ਅੱਠ ਸਾਲ ਫਿਰ ਪ੍ਰਧਾਨ ਰਹੇ। 1999 ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਮੱਤ-ਭੇਦ ਹੋਣ ਕਰਕੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਅਤੇ ਆਪਣਾ ਵੱਖਰਾ 'ਸਰਬ-ਹਿੰਦ ਸ਼੍ਰੋਮਣੀ ਅਕਾਲੀ ਦਲ' ਬਣਾਇਆ। ਸਾਲ 2002 ਵਿੱਚ (ਤਿੰਨ ਸਾਲ ਬਾਅਦ) 26ਵੀਂ ਵਾਰ ਤੇ 2003 ਵਿੱਚ 27ਵੀਂ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ। ਜਥੇਦਾਰ ਟੌਹੜਾ 1969, 1970, 1980, 1982, 1998 ਤੇ 2004 ਵਿੱਚ ਛੇ ਵਾਰ ਰਾਜ ਸਭਾ ਦੇ ਮੈਂਬਰ ਬਣੇ। ਉਹ 1977 ਤੋਂ 1979 ਤੱਕ ਲੋਕ ਸਭਾ ਹਲਕਾ ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਵੀ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਜਥੇਦਾਰ ਟੌਹੜਾ ਨੇ ਆਪਣਾ ਸਾਰਾ ਜੀਵਨ ਸਿੱਖ ਪੰਥ ਨੂੰ ਸਮਰਪਿਤ ਕਰ ਦਿੱਤਾ, ਉਹ ਪੂਰੇ ਨਿੱਤ-ਨੇਮੀ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਦ੍ਰਿੜ੍ਹ ਨਿਸ਼ਚਾ ਰੱਖਣ ਵਾਲੇ, ਹਰ ਇੱਕ ਲਈ ਪਿਆਰ, ਹਮਦਰਦੀ ਉਹਨਾਂ ਦੇ ਦਿਲ ਵਿੱਚ ਸੀ। ਉਹ ਆਪਣੇ ਰੁਝੇਵਿਆਂ ਦੇ ਬਾਵਜੂਦ ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਿਸ਼ੇਸ਼ ਰੁਚੀ ਰੱਖਦੇ ਸਨ। ਜਥੇਦਾਰ ਟੌਹੜਾ 18 ਸਾਲ ਤੱਕ ਲਗਾਤਾਰ ਅੰਮ੍ਰਿਤ-ਸੰਚਾਰ ਪ੍ਰੋਗਰਾਮਾਂ ਵਿੱਚ ਹਿੱਸਾ ਲੈਂਦੇ ਰਹੇ।



ਉਹਨਾਂ ਦਾ ਆਪਣੀ ਧਰਤੀ ਨਾਲ ਇੰਨਾ ਵੱਧ ਮੋਹ ਸੀ ਕਿ ਉਹ ਜਿੱਥੇ ਵੀ ਸਮਾਗਮਾਂ ਵਿੱਚ ਪਿੰਡ/ਸ਼ਹਿਰਾਂ ਵਿੱਚ ਹੁੰਦੇ, ਉਹ ਹਰ ਸ਼ਾਮ ਨੂੰ ਪਿੰਡ ਪਹੁੰਚਣ ਦਾ ਯਤਨ ਕਰਦੇ। ਜਥੇਦਾਰ ਟੌਹੜਾ ਨੇ ਧਰਮ ਯੁੱਧ ਮੋਰਚੇ ਦੌਰਾਨ ਸੰਤ ਹਰਚੰਦ ਸਿੰਘ ਲੌਂਗੋਵਾਲ ਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵਿਚਕਾਰ ਸੂਝ-ਬੂਝ ਨਾਲ ਮੱਤ-ਭੇਦ ਦੂਰ ਕਰਵਾਏ। ਜਥੇਦਾਰ ਜੀ ਨੇ ਖਾੜਕੂ ਲਹਿਰ ਦਾ ਚੜ੍ਹਦਾ ਤੇ ਢਲਦਾ ਸੂਰਜ ਵੀ ਦੇਖਿਆ। ਜਥੇਦਾਰ ਟੌਹੜਾ ਸਿੱਖ ਪੰਥ ਦੇ ਇੱਕ ਸਿਰਮੌਰ ਲੀਡਰ ਸਨ, ਉਹ ਸਿੱਖ ਪੰਥ ਤੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਬਹੁਤ ਵੱਡੇ ਮੁਦੱਈ ਸਨ। ਜਦੋਂ ਵੀ ਪੰਜਾਬ ਵਿੱਚ ਜਾਂ ਪੰਜਾਬ ਤੋਂ ਬਾਹਰ ਸਿੱਖਾਂ ਨਾਲ ਕੋਈ ਵਿਤਕਰਾ ਹੁੰਦਾ ਤਾਂ ਉਹ ਬੜੀ ਨਿਡਰਤਾ ਨਾਲ ਆਪਣੀ ਆਵਾਜ਼ ਬੁਲੰਦ ਕਰਦੇ ਸਨ। ਇਸੇ ਕਰਕੇ ਕਈ ਉਹਨਾਂ ਨੂੰ ਕੱਟੜਵਾਦੀ ਵੀ ਕਹਿੰਦੇ ਸਨ। ਉਹ 35 ਸਾਲ ਰਾਜਨੀਤਿਕ ਉਤਰਾਵਾਂ-ਚੜ੍ਹਾਵਾਂ ਵਿੱਚ ਕਿਸੇ-ਨਾ-ਕਿਸੇ ਰੂਪ ਵਿੱਚ ਕੇਂਦਰ ਬਣੇ ਰਹੇ। ਅਜਿਹੇ ਦੌਰ ਵੀ ਆਏ, ਜਦੋਂ ਇੰਝ ਲੱਗਦਾ ਸੀ ਕਿ ਸਿੱਖ ਸਿਆਸਤ ਕੇਵਲ ਉਹਨਾਂ ਦੁਆਲੇ ਘੁੰਮਦੀ ਹੈ।

ਜਥੇਦਾਰ ਟੌਹੜਾ ਨੇ ਸੈਂਕੜੇ ਇਤਿਹਾਸਕ ਗੁਰਦੁਆਰਿਆਂ ਦੀ ਨਵ-ਉਸਾਰੀ, ਤਕਨੀਕੀ ਕਾਲਜ, ਪਬਲਿਕ ਸਕੂਲ, ਮੈਡੀਕਲ ਕਾਲਜ, ਡੈਂਟਲ ਕਾਲਜ, ਨਰਸਿੰਗ ਕਾਲਜ, ਸ੍ਰੀ ਗੁਰੂ ਰਾਮਦਾਸ ਹਸਪਤਾਲ, ਗੁਰਮਤਿ ਇੰਸਟੀਚਿਊਟ ਤਲਵੰਡੀ ਸਾਬੋ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਲਈ ਆਫ਼ਸੈੱਟ ਪ੍ਰਿੰਟਿੰਗ ਪ੍ਰੈਸ, ਧਾਰਮਿਕ ਸਾਹਿਤ ਦੀਆਂ ਹਜ਼ਾਰਾਂ ਪ੍ਰਕਾਸ਼ਨਾਵਾਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨੂੰ ਵੱਖ-ਵੱਖ ਥਾਵਾਂ ਤੇ ਪਹੁੰਚਾਉਣ ਲਈ ਸੋਹਣੀਆਂ ਗੱਡੀਆਂ, ਯਾਤਰੂਆਂ ਦੀ ਰਿਹਾਇਸ਼ ਲਈ ਅੰਮ੍ਰਿਤਸਰ ਤੇ ਹੋਰ ਸਥਾਨਾਂ ਤੇ ਵਧੀਆ ਸਰਾਵਾਂ, ਲੰਗਰ ਹਾਲ ਆਦਿ ਉਹਨਾਂ ਦੀ ਦੇਣ ਹੈ। ਉਹਨਾਂ ਨੂੰ ਸੰਗਤਾਂ ਜਥੇਦਾਰ ਸਾਹਿਬ, ਪ੍ਰਧਾਨ ਜੀ, ਟੌਹੜਾ ਜੀ ਕਰਕੇ ਹੀ ਯਾਦ ਕਰਦੀਆਂ ਸਨ।

ਜਥੇਦਾਰ ਟੌਹੜਾ ਉਹਨਾਂ ਲੀਡਰਾਂ ਵਿੱਚੋਂ ਇੱਕ ਸਨ ਜਿਨ੍ਹਾਂ ਦਾ ਲੋਹਾ ਉਹਨਾਂ ਦੇ ਮਿੱਤਰ ਅਤੇ ਵਿਰੋਧੀ ਦੋਵੇਂ ਹੀ ਬਰਾਬਰ ਰੂਪ ਵਿੱਚ ਮੰਨਦੇ ਸਨ। ਪੰਜਾਬੀ ਸੂਬੇ ਦੀ ਵੱਖਰੀ ਹੋਂਦ ਦੇ ਲਈ ਛੇੜੇ ਗਏ ਸੰਘਰਸ਼ ਵਿੱਚ ਬੇਸ਼ੱਕ ਉਹਨਾਂ ਦੀ ਭੂਮਿਕਾ ਪਾਰਟੀ ਦੇ ਸਿਪਾਹੀ ਵਰਗੀ ਰਹੀ ਹੋਵੇ ਪਰ ਆਪਣੀ ਮਿਹਨਤ ਅਤੇ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਉਹ ਜਲਦੀ ਹੀ ਪਾਰਟੀ ਦੇ ਜਰਨੈਲਾਂ ਵਿੱਚ ਸ਼ਾਮਲ ਹੋਣ ਲੱਗ ਪਏ ਸਨ। ਉਹਨਾਂ ਪੰਜਾਬ, ਹਰਿਆਣਾ ਦੇ ਵੱਖ-ਵੱਖ ਸ਼ਹਿਰਾਂ/ਨਗਰਾਂ ਵਿੱਚ ਗੁਰਦੁਆਰਿਆਂ ਦੀ ਬਿਹਤਰੀ ਲਈ ਅਤੇ ਪਾਕਿਸਤਾਨ ਵਿੱਚ ਰਹਿ ਗਏ ਗੁਰਦੁਆਰਿਆਂ ਦੀ ਸਾਂਭ-ਸੰਭਾਲ ਅਤੇ ਉਹਨਾਂ ਦੇ ਪ੍ਰਬੰਧ ਲਈ ਗੰਭੀਰ ਯਤਨ ਕੀਤੇ।

ਜਥੇਦਾਰ ਟੌਹੜਾ ਮਾਇਆ ਦੀ ਚਮਕ-ਦਮਕ ਤੇ ਧਨ ਇਕੱਠਾ ਕਰਨ ਦੀ ਲਾਲਸਾ ਤੋਂ ਬਚੇ ਰਹੇ, ਉਹ ਲੈਣ ਦੇਣ ਵੇਲੇ ਇਹ ਖ਼ਿਆਲ ਰੱਖਦੇ ਸਨ ਕਿ ਉਸ ਦਾ ਕੋਈ ਕਦਮ, ਕੋਈ ਟਿੱਪਣੀ ਜਾਂ ਕੋਈ ਰਣਨੀਤੀ ਸਿੱਖ ਇਤਿਹਾਸ ਦੀ ਮੁੱਖ ਧਾਰਾ ਦੇ ਖ਼ਿਲਾਫ਼ ਨਾ ਜਾਂਦੀ ਹੋਵੇ। ਮਾਸਟਰ ਤਾਰਾ ਸਿੰਘ ਜੀ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵਾਗਡੋਰ ਜਥੇਦਾਰ ਟੌਹੜਾ ਦੇ ਹੱਥ ਰਹੀ। ਸੰਤ ਫਤਿਹ ਸਿੰਘ ਤੇ ਸੰਤ ਚੰਨਣ ਸਿੰਘ ਵੱਲੋਂ ਪਿੰਗਲਵਾੜਾ ਸੰਸਥਾ ਦਾ ਰਾਸ਼ਨ ਬੰਦ ਕਰਨ ਤੇ ਜਥੇਦਾਰ ਟੌਹੜਾ ਨੇ ਦੁਬਾਰਾ ਚਾਲੂ ਕਰਵਾਇਆ ਤੇ ਭਗਤ ਪੂਰਨ ਸਿੰਘ ਜੀ ਦੀ ਬਰਸੀ 'ਤੇ 1992 ਤੋਂ ਪੰਜ ਲੱਖ ਰੁਪਏ ਦੇਣ ਦਾ ਐਲਾਨ ਕੀਤਾ।

ਜਥੇਦਾਰ ਟੌਹੜਾ ਕੇਂਦਰੀ ਸਿੰਘ ਸਭਾ ਦੇ ਪ੍ਰਧਾਨ, ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਦੇ ਪ੍ਰਧਾਨ, ਨਨਕਾਣਾ ਸਾਹਿਬ ਐਜੂਕੇਸ਼ਨ ਟ੍ਰਸਟ ਦੇ ਪ੍ਰਧਾਨ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫ਼ਤਿਹਗੜ੍ਹ ਸਾਹਿਬ ਦੇ ਸੰਸਥਾਪਕ ਮੈਂਬਰ, ਗੁਰੂ ਰਾਮਦਾਸ ਮੈਡੀਕਲ ਕਾਲਜ ਟ੍ਰਸਟ ਦੇ ਸੰਸਥਾਪਕ ਮੈਂਬਰ, ਤਖ਼ਤ ਸੱਚ-ਖੰਡ ਸ੍ਰੀ ਹਜ਼ੂਰ ਸਾਹਿਬ ਬੋਰਡ ਨਾਂਦੇੜ ਦੇ ਮੈਂਬਰ ਅਤੇ ਹੋਰ ਬਹੁਤ ਸਾਰੀਆਂ ਸਿੱਖਿਆ ਸੰਸਥਾਵਾਂ/ਸਿੰਘ ਸਭਾਵਾਂ, ਸਭਾ-ਸੁਸਾਇਟੀਆਂ ਦੇ ਮੈਂਬਰ/ਪ੍ਰਧਾਨ ਵੀ ਰਹੇ। ਜਥੇਦਾਰ ਟੌਹੜਾ ਨੇ ਦੇਸ਼ਾਂ-ਵਿਦੇਸ਼ਾਂ ਵਿੱਚ ਗੁਰਮਤਿ ਦਾ ਪ੍ਰਚਾਰ ਕਰਕੇ ਲੱਖਾਂ ਹੀ ਸੰਗਤਾਂ ਨੂੰ ਸਿੱਖੀ ਨਾਲ ਜੋੜਿਆਂ।

ਸਿੱਖ ਕੌਮ ਦੀ ਮਹਾਨ ਸ਼ਖ਼ਸ਼ੀਅਤ ਜਥੇਦਾਰ ਗੁਰਚਰਨ ਸਿੰਘ ਟੌਹੜਾ 80 ਸਾਲ ਦੀ ਉਮਰ ਬਤੀਤ ਕਰਕੇ 1 ਅਪ੍ਰੈਲ 2004 ਈ: ਨੂੰ ਗੁਰੂ ਚਰਨਾਂ 'ਚ ਜਾ ਬਿਰਾਜੇ।

ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ 20ਵੀਂ ਬਰਸੀ 1 ਅਪ੍ਰੈਲ 2024 ਦਿਨ ਸੋਮਵਾਰ ਨੂੰ ਉਹਨਾਂ ਦੇ ਜੱਦੀ ਪਿੰਡ ਟੌਹੜਾ (ਪਟਿਆਲਾ) ਵਿਖੇ ਮਨਾਈ ਜਾ ਰਹੀ ਹੈ।

**-ਕਰਨੈਲ ਸਿੰਘ ਐੱਮ.ਏ.**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ, ਗਲੀ ਨੰ:1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**

## ਅਕਾਲੀ ਦਲ ਅੰਮ੍ਰਿਤਸਰ ਦੀ ਜਿਲਾ ਅੰਮ੍ਰਿਤਸਰ ਦੀ ਟੀਮ ਵੱਲੋਂ ਲੋਕ ਸਭਾ ਚੋਣਾਂ ਲਈ ਤਿਆਰੀਆਂ ਜੋਰਾਂ 'ਤੇ

# ਉਪਕਾਰ ਸਿੰਘ ਸੰਧੂ ਵੱਲੋਂ ਮੀਟਿੰਗ ਬੁਲਾਕੇ ਸਮੂਹ ਅਹੁੱਦੇਦਾਰਾਂ ਅਤੇ ਵਰਕਰਾਂ ਦੀਆਂ ਲਗਾਈਆਂ ਗਈਆਂ ਡਿਊਟੀਆਂ

**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੀਤੇ ਕਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਸੰਧੂ ਵੱਲੋਂ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲਿਆਂ ਦੇ ਗੁਰਦੁਆਰਾ ਸਾਹਿਬ ਘੰਨੂਪੁਰ ਕਾਲੇ ਵਿਖੇ ਪਾਰਟੀ ਅਹੁੱਦੇਦਾਰਾਂ ਅਤੇ ਵਰਕਰਾਂ ਦੀ ਲੋਕ ਸਭਾ ਚੋਣਾਂ ਦੇ ਮੱਦੇ-ਨਜ਼ਰ ਇਕ ਅਹਿਮ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਵਿੱਚ ਮੁੱਖ ਤੌਰ ਤੇ ਸ੍ਰ ਉਪਕਾਰ ਸਿੰਘ ਸੰਧੂ, ਸ੍ਰ ਅਮਰੀਕ ਸਿੰਘ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਸ਼ਮਸ਼ੇਰ ਸਿੰਘ ਬਰਾੜ ਜਿਲਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ, ਸ੍ਰ ਦਵਿੰਦਰ ਸਿੰਘ ਫਤਾਹਪੁਰ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ ਅਤੇ ਸ੍ਰ ਰਵੀਸ਼ੇਰ ਸਿੰਘ ਯੂਥ ਆਗੂ ਤੋਂ ਇਲਾਵਾ ਸ੍ਰ ਕੁਲਵੰਤ ਸਿੰਘ ਮਜੀਠਾ, ਸ੍ਰ ਮਹਿੰਦਰਪਾਲ ਸਿੰਘ ਮਹਿਤਾ, ਸ੍ਰ ਸੁਖਵਿੰਦਰ ਸਿੰਘ ਮਹਿਤਾ, ਸ੍ਰ ਸਿਮਰਨਜੀਤ ਸਿੰਘ, ਸ੍ਰ ਕੁਲਵੰਤ ਸਿੰਘ ਮਝੈਲ, ਸ੍ਰ ਰਾਜਵਿੰਦਰ ਸਿੰਘ, ਸ੍ਰ ਹਰਵੰਤ ਸਿੰਘ, ਸ੍ਰ ਗੁਰਦੀਪ ਸਿੰਘ ਮੱਲੀ, ਸ੍ਰ ਰਵਿੰਦਰ ਸਿੰਘ, ਸ੍ਰ ਅੰਮ੍ਰਿਤਪਾਲ ਸਿੰਘ, ਸ੍ਰ ਅਕਾਸ਼ਦੀਪ ਸਿੰਘ, ਸ੍ਰ ਅੰਗਰੇਜ ਸਿੰਘ, ਸ੍ਰ ਅੰਗਰੇਜ ਸਿੰਘ, ਸ੍ਰ ਸੁਖਦੇਵ ਸਿੰਘ, ਸ੍ਰ ਸੰਤੋਖ ਸਿੰਘ ਰਾਹੀ, ਸ੍ਰ ਅਮਰ ਸਿੰਘ, ਸ੍ਰ ਕੁਲਬੀਰ ਸਿੰਘ, ਸ੍ਰ ਲਖਬੀਰ ਸਿੰਘ, ਸ੍ਰ ਸੁਖਦੀਪ ਸਿੰਘ, ਸ੍ਰ ਰਾਜਵਿੰਦਰ ਸਿੰਘ, ਸ੍ਰ ਪਾਰਸ ਸਿੰਘ ਖਾਲਸਾ, ਗਿਆਨੀ ਸਿਮਰਨਜੀਤ ਸਿੰਘ ਦਮਦਮੀ ਟਕਸਾਲ, ਸ੍ਰ ਕੁਲਵੰਤ ਸਿੰਘ ਮਝੈਲ, ਸ੍ਰ ਸੁਖਬੀਰ ਸਿੰਘ ਚੀਮਾਂ ਅਤੇ ਹੋਰ ਬਹੁਤ ਸਾਰੇ ਵਰਕਰ ਨੇ ਭਾਗ ਲਿਆ। ਜਿਵੇਂ ਹੀ ਲੋਕ ਸਭਾ ਚੋਣਾਂ ਦਾ ਐਲਾਨ ਹੋਇਆ ਹੈ ਸਾਰੀਆਂ ਪਾਰਟੀਆਂ ਵੱਲੋਂ ਆਪੋ-ਆਪਣੇਂ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰਕੇ ਚੋਣ ਪ੍ਰਚਾਰ ਤੇ ਪਾਰਟੀ ਸਰਗਰਮੀਆਂ ਵਧਾ ਦਿੱਤੀਆਂ ਗਈਆਂ ਹਨ ਜਿਸਨੂੰ ਵੇਖਦਿਆਂ ਸ੍ਰ ਸਿਮਰਨਜੀਤ ਸਿੰਘ ਜੀ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਜਿਲਾ ਅੰਮ੍ਰਿਤਸਰ ਦੀ ਟੀਮ ਨੇ ਵੱਖੋ-ਵੱਖ ਜਿਲੇਆਂ ਦੇ ਇੰਚਾਰਜਾਂ ਵਾਂਗ ਹੀ ਸ੍ਰ ਉਪਕਾਰ ਸਿੰਘ ਸੰਧੂ ਦੀ ਅਗਵਾਈ ਵਿੱਚ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਮੀਟਿੰਗ ਉਪਰੰਤ ਜਿਲਾ ਪ੍ਰੈਸ ਸਕੱਤਰ ਸ੍ਰ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਪ੍ਰੈਸ ਨੋਟ ਰਾਹੀਂ ਸ੍ਰ ਉਪਕਾਰ ਸਿੰਘ ਸੰਧੂ ਨੇ ਜਾਣਕਾਰੀ ਸਾਂਝੀ ਕੀਤੀ ਅਤੇ ਕਿਹਾ ਕਿ ਇਸ ਵਾਰ ਸਾਡੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਰ ਵਾਰ ਦੀ ਤਰਾਂ ਰਿਵਾਇਤੀ ਪਾਰਟੀਆਂ ਦੇ ਲੋਕ ਲੁਭਾਊ ਝੂਠੇ ਏਜੰਡਿਆਂ ਤੋਂ ਹੱਟਕੇ ਪੰਥਕ ਮੁੱਦਿਆਂ ਨੂੰ ਪਹਿਲ ਦੇਕੇ ਪ੍ਰਚਾਰ ਆਰੰਭ ਕਰਨ ਜਾ ਰਹੀ ਹੈ। ਜਿਸਦੇ ਪਹਿਲੇ ਚਰਨ ਵਿੱਚ ਬਲਾਕਾਂ ਦੇ ਅਧਾਰ ਤੇ ਪਿੰਡਾਂ ਵਿੱਚ ਅਤੇ ਸ਼ਹਿਰੀ ਖੇਤਰ ਵਿੱਚ ਵਾਰਡਾਂ ਦੇ ਅਧਾਰ ਤੇ ਜੋਨਾਂ ਦੀ ਵੰਡ ਕਰਕੇ ਵਰਕਰਾਂ ਟੀਮਾਂ ਬਣਾਂਕੇ ਡੋਰ ਟੂ ਡੋਰ ਪ੍ਰਚਾਰ ਕੀਤਾ ਜਾਵੇਗਾ। ਜਿਸਦੇ ਰਾਹੀਂ ਲੋਕਾਂ ਨੂੰ ਇਹ ਦੱਸਿਆ ਜਾਵੇਗਾ ਕਿ ਜੇਕਰ ਉਹ ਪੰਜਾਬ ਦਾ ਭਲਾ ਚਹੁੰਦੇ ਹਨ ਤਾਂ ਰਿਵਾਇਤੀ ਪਾਰਟੀਆਂ ਦੇ ਝੂਠੇ ਲਾਰਿਆਂ ਤੇ ਕੀਤੇ ਪੰਜਾਬ ਤੇ ਪੰਥ ਵਿਰੋਧੀ ਫੈਸਲਿਆਂ ਦੀ ਨਜਰਸਾਨੀ ਕਰਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੂੰ ਪਹਿਲ ਦੇਣ ਤੇ ਪੰਥਕ ਉਮੀਦਵਾਰਾਂ ਨੂੰ ਜਿਤਾ ਕੇ ਲੋਕ ਸਭਾ ਵਿੱਚ ਭੇਜਣ।





ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਦਰਸ਼ਨ ਸਿੰਘ ਕੁਲੀ ਵਾਲਿਆ ਦੀ ਸਲਾਨਾ ਬਰਸੀ ਮਨਾਈ ਗਈ



**ਚੌਕ ਮਹਿਤਾ, 31 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਦੁਖ ਨਿਵਾਰਨ ਸਾਹਿਬ ਤਪ ਅਸਥਾਨ ਬਾਬਾ ਬਚਨ ਲਾਲ ਸਿੰਘ ਜੀ ਅਸ਼ੋਕ ਵਿਹਾਰ ਮਾਹਲ ਰਾਮ ਤੀਰਥ ਰੋਡ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਬ੍ਰਹਮ ਗਿਆਨੀ ਸਚ ਖੰਡ ਵਾਸੀ ਸ੍ਰੀ ਮਾਨ ਸੰਤ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲਿਆਂ ਦੀ ਸਲਾਨਾ ਬਰਸੀ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਗਈ। ਭੋਗ ਸ੍ਰੀ ਅਖੰਡ ਪਾਠ ਸਾਹਿਬ ਦੇ ਉਪਰੰਤ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਭਾਈ ਅਵਤਾਰ ਸਿੰਘ ਅਤੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਵੱਖ ਵੱਖ ਢਾਡੀ ਕਥਾ ਵਾਚਕ ਸੰਗਤਾਂ ਦੇ ਸਨ ਮੁੱਖ ਬੰਦਿਆ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਗਿਆ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ ਨੇ ਧਾਰਮਿਕ ਸਟੇਜ ਤੋਂ ਕਥਾ ਕਰਦਿਆਂ ਬ੍ਰਹਮ ਗਿਆਨੀ ਸੰਤ ਮਹਾਂਪੁਰਖ ਬਾਬਾ ਦਰਸ਼ਨ ਸਿੰਘ ਕੁਲੀ ਵਾਲਿਆਂ ਦੀ ਜੀਵਨੀ ਉੱਪਰ ਵਿਚਾਰ ਵਟਾਂਦਰਾ ਕਰਦਿਆਂ ਦੱਸਿਆ ਕਿ ਬਾਬਾ ਜੀ ਨੇ ਹਮੇਸ਼ਾ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜਨ ਲਈ ਸੰਗਤਾਂ ਨੂੰ ਪ੍ਰੇਰਿਤ ਕੀਤਾ ਸਮਾਜ ਸੇਵੀ ਕੰਮਾਂ ਵਿੱਚ ਅਹਿਮ ਯੋਗਦਾਨ ਪਾਇਆ ਗਿਆ ਅੱਜ ਪੂਰੇ ਦੇਸ਼ ਵਿਦੇਸ਼ ਵਿੱਚ ਉਹਨਾਂ ਦਾ ਨਾਮ ਸੰਗਤਾਂ ਜਪ ਰਹੀਆਂ ਹਨ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਅਤੇ ਬਾਬਾ ਸ਼ਾਮ ਸਿੰਘ ਵੱਲੋਂ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੂੰ ਜੀ ਆਇਆ ਕਿਹਾ ਅਤੇ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਗੁਰੂ ਘਰ ਦੇ ਸੇਵਾਦਾਰ ਅਮਨਦੀਪ ਸਿੰਘ ਬਿੱਟੂ ਸੁਖਵਿੰਦਰ ਸਿੰਘ ਜਥੇਦਾਰ ਭੁਪਿੰਦਰ ਸਿੰਘ ਬਲਜੀਤ ਸਿੰਘ ਰੁਪਿੰਦਰ ਸਿੰਘ ਬਲਜੀਤ ਕੁਮਾਰ ਰਜਿੰਦਰ ਕੁਮਾਰ ਗੁਰਪ੍ਰੀਤ ਸਿੰਘ ਕੁਲਵਿੰਦਰ ਸਿੰਘ ਜਗਜੀਤ ਸਿੰਘ ਅਮਰੀਕ ਸਿੰਘ ਰਾਜ ਕੌਰ ਗੁਰਪ੍ਰੀਤ ਕੌਰ ਕੁਲਦੀਪ ਕੌਰ ਕਵਿਤਾ ਪਰਮਜੀਤ ਕੌਰ ਸੁਰਿੰਦਰ ਕੌਰ ਮਨਜੀਤ ਕੌਰ ਕੈਪਟਨ ਸਵਰਨ ਸਿੰਘ ਵੱਲੋਂ ਵੱਖ ਵੱਖ ਪ੍ਰਕਾਰ ਦੀਆਂ ਡਿਊਟੀਆਂ ਬਖੂਬੀ ਨਿਭਾਈਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਡਿਬਰੂਗੜ ਜੇਲ 'ਚ ਨਜ਼ਰਬੰਦ

# ਪਰਿਵਾਰਾਂ ਵੱਲੋਂ ਲਗਾਏ ਧਰਨੇ 'ਚ ਸੰਧੂ ਅਤੇ ਬਲੇਰ ਵੱਲੋਂ ਜੱਥੇ ਦੇ ਰੂਪ 'ਚ ਹਾਜਰੀ





**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ( ਮਾਨ ਦਲ ) ਦੀਆਂ ਟੀਮਾਂ ਵੱਲੋਂ ਡਿਬਰੂਗੜ ਜੇਲ ਚ' ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਲਗਾਏ ਗਏ ਧਰਨੇ ਵਿੱਚ ਲਗਾਤਾਰ ਸ਼ਮੂਲੀਅਤ ਕਰਨ ਦੇ ਸਿਲਸਿਲੇ ਨੂੰ ਜਾਰੀ ਰੱਖਦਿਆਂ ਅੱਜ ਫਿਰ ਪਾਰਟੀ ਦੇ ਸੀਨੀਅਰ ਨੇਤਾਵਾਂ ਸ੍ਰ ਉਪਕਾਰ ਸਿੰਘ ਜੀ ਸੰਧੂ ਅਤੇ ਸ੍ਰ ਹਰਪਾਲ ਸਿੰਘ ਜੀ ਬਲੇਰ ਦੋਨੋਂ ਜਰਨਲ ਸਕੱਤਰਾਂ ਵੱਲੋਂ ਇਕ ਵੱਡੇ ਜੱਥੇ ਦੇ ਰੂਪ ਵਿੱਚ ਹਾਜ਼ਰੀ ਲਗਵਾਈ ਗਈ ਅਤੇ ਬੰਦੀ ਸਿੰਘਾਂ ਦੇ ਹੱਕਾਂ ਅਧਿਕਾਰਾਂ ਦੀ ਅਵਾਜ਼ ਨੂੰ ਬੁਲੰਦ ਕੀਤਾ। ਸਾਰਾਗੜੀ ਗੁਰਦੁਆਰਾ ਸਾਹਿਬ ਦੇ ਬਾਹਰ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਲਗਾਏ ਗਏ ਧਰਨੇ ਵਿੱਚ ਸ਼ਮੂਲੀਅਤ ਕਰਨ ਸਮੇਂ ਸ੍ਰ ਉਪਕਾਰ ਸਿੰਘ ਸੰਧੂ ਅਤੇ ਸ੍ਰ ਹਰਪਾਲ ਸਿੰਘ ਬਲੇਰ ਤੋਂ ਇਲਾਵਾ ਉਹਨਾਂ ਦੇ ਨਾਲ ਪਾਰਟੀ ਦੇ ਮੁੱਖ ਅਹੁੱਦੇਦਾਰਾਂ ਵਿੱਚੋਂ ਸ੍ਰ ਅਮਰੀਕ ਸਿੰਘ ਨੰਗਲ ਅਤੇ ਸ੍ਰ ਜਸਬੀਰ ਸਿੰਘ ਬਚੜੇ ਦੋਨੋ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਰਾਜਵਿੰਦਰ ਸਿੰਘ ਹਲਕਾ ਇੰਚਾਰਜ ਅੰਮ੍ਰਿਤਸਰ ਦੱਖਣੀ, ਸ੍ਰ ਬਲਬੀਰ ਸਿੰਘ, ਸ੍ਰ ਰਵੀਸ਼ੇਰ ਸਿੰਘ ਯੂਥ ਆਗੂ ਅੰਮ੍ਰਿਤਸਰ ਸ਼ਹਿਰੀ, ਸ੍ਰ ਮਹਿੰਦਰਪਾਲ ਸਿੰਘ ਮਹਿਤਾ, ਸ੍ਰ ਸੁਖਬੀਰ ਸਿੰਘ ਚੀਮਾਂ, ਸ੍ਰ ਰਾਜਾ ਸਿੰਘ ਮੀਰਾਂਕੋਟੀਆ, ਸ੍ਰ ਕੁਲਦੀਪ ਸਿੰਘ ਹੈਪੀ, ਸ੍ਰ ਹਰਸਿਮਰਨਜੀਤ ਸਿੰਘ ਸ਼ੈਂਕੀ, ਸ੍ਰ ਨਿਸ਼ਾਨ ਸਿੰਘ ਬਲੇਰ, ਸ੍ਰ ਸੁਖਜਿੰਦਰ ਸਿੰਘ ਮਹਿਤਾ, ਸ੍ਰ ਜਸਬੀਰ ਸਿੰਘ ਵਡਾਲੀ ਅਤੇ ਸ੍ਰ ਚਾਨਣ ਸਿੰਘ ਘਰਿਆਲਾ ਵੀ ਮੌਜੂਦ ਸਨ। ਇਸ ਮੌਕੇ ਤੇ ਸ੍ਰ ਉਪਕਾਰ ਸਿੰਘ ਸੰਧੂ ਅਤੇ ਸ੍ਰ ਹਰਪਾਲ ਸਿੰਘ ਬਲੇਰ ਨੇ ਸਾਂਝੇ ਰੂਪ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਅਹੁੱਦੇਦਾਰ ਅਤੇ ਵਰਕਰ ਆਖਰੀ ਦਮ ਤੱਕ ਪੰਥ ਦੇ ਲਈ ਕੁਰਬਾਨੀ ਕਰਨ ਵਾਲੇ ਸਿੰਘਾਂ ਲਈ ਉਹਨਾਂ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ। ਉਹਨਾਂ ਕਿਹਾ ਕਿ ਸਾਡੀ ਕੌਮ ਦੇ ਹੀ ਲੀਡਰਾਂ ਨੇ ਸਾਡੀ ਪਿੱਠ ਵਿੱਚ ਸ਼ੁਰਾ ਮਾਰਿਆ ਹੈ ਜਿਸਦਾ ਹੀ ਨਤੀਜਾ ਹੈ ਕਿ ਅੱਜ ਸਾਡੇ ਬੇਕਸੂਰ ਸਿੰਘ ਜੇਲਾਂ ਵਿੱਚ ਬੰਦ ਹਨ ਅਤੇ ਉਹਨਾਂ ਪਰਿਵਾਰ ਇਨਸਾਫ ਲੈਣ ਲਈ ਧਰਨੇ ਲਗਾਉਣ ਲਈ ਮਜਬੂਰ ਹੋਏ ਪਏ ਹਨ। ਦੋਨੋਂ ਸੀਨੀਅਰ ਨੇਤਾਵਾਂ ਨੇ ਨਾਮ ਨਾਂ ਲੈਂਦਿਆਂ ਹੋਇਆ ਕਿਹਾ ਕਿ ਜੋ ਕੁਝ ਸਾਡੀਆਂ ਰਿਵਾਇਤੀ ਪਾਰਟੀਆਂ ਦੇ ਲੀਡਰਾਂ ਨੇ ਪਿਛਲੇ ਸਮੇਂ ਦੌਰਾਨ ਅਤੇ ਹੁਣ ਅਗਾਂਹ ਸਿੱਖ ਕੌਮ ਨਾਲ ਬਦਸਲੂਕੀਆਂ ਕੀਤੀਆਂ ਹਨ ਉਹ ਇਤਿਹਾਸ ਦੇ ਪੰਨਿਆਂ ਤੇ ਲਿਖਿਆ ਜਾ ਰਿਹਾ ਅਤੇ ਆਉਣ ਵਾਲੀਆਂ ਸਾਡੀਆਂ ਨਸਲਾਂ ਵੀ ਉਹਨਾਂ ਨੂੰ ਲਾਹਨਤਾਂ ਪਾਉਂਦੀਆਂ ਰਹਿਣਗੀਆ। ਪੱਤਰਕਾਰਾਂ ਵੱਲੋਂ ਕੀਤੇ ਇਕ ਸਵਾਲ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਸਿੱਖ ਕੌਮ ਤੇ ਪੰਥ ਵਿਰੋਧੀ ਖੋਖਲੇ ਲੀਡਰਾਂ ਦਾ ਨਾਮ ਲੈਣਾਂ ਕੋਈ ਔਖੀ ਗੱਲ ਨਹੀਂ ਅਤੇ ਨਾਂ ਹੀ ਸਾਨੂੰ ਕਿਸੇ ਦਾ ਕੋਈ ਡਰ ਹੈ ਪਰ ਅਸੀਂ ਉਹਨਾਂ ਦਾ ਨਾਮ ਵੀ ਆਪਣੀਂ ਜੁਬਾਨ ਤੋਂ ਲੈਣਾਂ ਗਵਾਰਾ ਨਹੀਂ ਸਮਝਦੇ ਜਿੰਨਾਂ ਦੇ ਮਖੌਟੇ ਸਿੱਖ ਕੌਮ ਉਤਾਰ ਚੁੱਕੀ ਹੈ। ਸ੍ਰ ਸੰਧੂ ਅਤੇ ਸ੍ਰ ਬਲੇਰ ਨੇ ਕਿਹਾ ਅੱਜ ਸ਼ੋਸ਼ਲ ਮੀਡੀਆ ਦਾ ਜੁੱਗ ਹੈ ਅਤੇ ਹਰ ਬੱਚੇ ਬੱਚੇ ਨੂੰ ਉਹਨਾਂ ਪੰਥ ਵਿਰੋਧੀਆਂ ਦੇ ਨਾਮ ਆਪਣੀਆਂ ਉਂਗਲਾਂ ਦੇ ਪੋਟਿਆਂ ਤੇ ਰੱਟੇ ਹੋਏ ਹਨ। ਅਖੀਰ ਵਿੱਚ ਉਹਨਾਂ ਮੀਡੀਆ ਦੇ ਮਾਧਿਅਮ ਰਾਹੀਂ ਸਮੂਹ ਸਿੱਖ ਸੰਗਤ ਅਤੇ ਸਿੱਖ ਪੰਥ ਦੇ ਬੁੱਧੀਜੀਵੀਆਂ ਨੂੰ ਅਪੀਲ ਕੀਤੀ ਇਹ ਵਕਤ ਹੁਣ ਕਾਗਜ਼ੀ ਤਹਿਰੀਰਾਂ ਨਾਲ ਨਹੀਂ ਬਲਕਿ ਜਾਗਦੀਆਂ ਜਮੀਰਾਂ ਦੀ ਇਕਮੁੱਠਤਾ ਹੀ ਸਾਡੇ ਸਿੱਖ ਬੰਦੀ ਸਿੰਘਾਂ ਦੀ ਰਿਹਾਈ ਦਾ ਅਸਲ ਰਸਤਾ ਹੈ। ਜਿਸ ਲਈ ਸਾਨੂੰ ਸਭ ਨੂੰ ਮਿਲਕੇ ਚੱਲਣ ਦੀ ਲੋੜ ਹੈ।

**ਕਾਗਜ਼ੀ ਤਹਿਰੀਰਾਂ ਨਹੀਂ ਬਲਕਿ ਜਾਗਦੀਆਂ ਜਮੀਰਾਂ ਦੀ ਇਕਮੁੱਠਤਾ ਹੀ ਬੰਦੀ ਸਿੰਘਾਂ ਦੀ ਰਿਹਾਈ ਦਾ ਅਸਲ ਰਸਤਾ : ਹਰਪਾਲ ਸਿੰਘ ਬਲੇਰ, ਉਪਕਾਰ ਸਿੰਘ ਸੰਧੂ**

## ਸਿੱਖਾਂ ਦੇ ਸਰਵਉੱਚ ਸਥਾਨ ਨੂੰ ਢਾਹ ਲਾਉਣ ਵਾਲੀ ਕਾਂਗਰਸ ਪਾਰਟੀ ਨਾਲ ਪੰਜਾਬ ਦੇ ਮੁੱਖ ਮੰਤਰੀ ਦੀ ਸਾਂਝ ਨਿੰਦਣਯੋਗ - ਸ਼੍ਰੋਮਣੀ ਅਕਾਲੀ ਦਲ

# ਪੰਜਾਬ 'ਚ ਬਦਲਾਅ ਦੀਆਂ ਸਿਆਸੀ ਹਵਾਵਾਂ 'ਆਪ'-ਕਾਂਗਰਸ ਦੇ ਰਿਸ਼ਤੇ ਨੂੰ ਪਰਖ ਸਕਦੀਆਂ ਹਨ - ਕਰਨੈਲ ਸਿੰਘ ਪੀਰ ਮੁਹੰਮਦ





**ਤਰਨ ਤਾਰਨ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਾਂਗਰਸ ਦੀ ਅਗਵਾਈ ਵਾਲੇ ਇੰਡੀਆ ਗਠਜੋੜ ਵਿੱਚ ਸ਼ਾਮਲ ਹੋਣ ਦੀ ਸਖ਼ਤ ਆਲੋਚਨਾ ਕਰਦਿਆਂ ਪੰਜਾਬ ਦੇ ਲੋਕਾਂ ਨਾਲ ਕੀਤੇ ਜਾ ਰਹੇ ਧੋਖੇ ਬਾਰੇ ਚਿੰਤਾ ਪ੍ਰਗਟਾਈ ਹੈ। ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ 1984 ਦੇ ਸਿੱਖ ਕਤਲੇਆਮ ਦੀ ਇਤਿਹਾਸਕ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਾਂਗਰਸ ਪਾਰਟੀ ਵੱਲੋਂ ਸਿੱਖ ਕੌਮ 'ਤੇ ਕੀਤੇ ਅੱਤਿਆਚਾਰਾਂ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਅਜਿਹੇ ਘੋਰ ਅਨਿਆਂ ਲਈ ਦੋਸ਼ੀ ਕਾਂਗਰਸ ਪਾਰਟੀ ਨਾਲ ਭਗਵੰਤ ਮਾਨ ਦੇ ਗੱਠਜੋੜ ਪ੍ਰਤੀ ਵਫ਼ਾਦਾਰੀ ਨਿਭਾਉਣ 'ਤੇ ਨਿਰਾਸ਼ਾ ਜ਼ਾਹਰ ਕੀਤੀ ਅਤੇ ਮੁੱਖ ਮੰਤਰੀ ਨੂੰ ਪੰਜਾਬ ਦੇ ਲੋਕਾਂ ਵੱਲੋਂ ਉਨ੍ਹਾਂ 'ਤੇ ਰੱਖੇ ਭਰੋਸੇ ਨਾਲ ਧੋਖਾ ਕਰਨ ਲਈ ਪਖੰਡੀ ਕਰਾਰ ਦਿੱਤਾ। ਇੱਕ ਜ਼ੋਰਦਾਰ ਬਿਆਨ ਵਿੱਚ, ਪੀਰ ਮੁਹੰਮਦ ਨੇ ਪੰਜਾਬ ਵਿੱਚ ਆਉਣ ਵਾਲੀਆਂ ਸਿਆਸੀ ਤਬਦੀਲੀਆਂ ਵੱਲ ਇਸ਼ਾਰਾ ਕੀਤਾ ਜੋ ਕਾਂਗਰਸ ਨਾਲ ਆਮ ਆਦਮੀ ਪਾਰਟੀ ਦੇ ਗੱਠਜੋੜ ਨੂੰ ਚੁਣੌਤੀ ਦੇਵੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਪੰਜਾਬ ਦੇ ਲੋਕ ਉਨ੍ਹਾਂ ਦੇ ਹਿੱਤਾਂ ਨੂੰ ਢਾਹ ਲਾਉਣ ਵਾਲੀਆਂ ਸਿਆਸੀ ਚਾਲਾਂ ਨੂੰ ਬਰਦਾਸ਼ਤ ਨਹੀਂ ਕਰਨਗੇ। ਇਸ ਮੌਕੇ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਮੁੱਖ ਮੰਤਰੀ ਮਾਨ ਨੂੰ ਵਿਵਹਾਰਕ ਸਲਾਹ ਦਿੰਦੇ ਹੋਏ ਸਿਆਸੀ ਦੋਗਲੇਪਨ ਨੂੰ ਖ਼ਤਮ ਕਰਨ ਅਤੇ ਲੋਕ ਹਿੱਤਾਂ ਨਾਲ ਸੱਚੇ ਦਿਲੋਂ ਜੁੜਨ ਦੀ ਅਪੀਲ ਕੀਤੀ ਹੈ। ਢੁਕਵੇਂ ਮੁੱਦਿਆਂ ਨੂੰ ਹੱਲ ਕਰਨ ਲਈ ਜਵਾਬਦੇਹੀ ਅਤੇ ਸਹਿਯੋਗ ਦੀ ਲੋੜ ਨੂੰ ਉਜਾਗਰ ਕਰਦੇ ਹੋਏ, ਬ੍ਰਹਮਪੁਰਾ ਨੇ ਇਤਿਹਾਸਕ ਬੇਇਨਸਾਫ਼ੀ ਅਤੇ ਪੰਜਾਬ ਨਾਲ ਧ੍ਰੋਹ ਕਮਾਉਣ ਵਾਲੀਆਂ ਪਾਰਟੀਆਂ ਨਾਲ ਗੱਠਜੋੜ ਕਰਨ ਦੇ ਨੈਤਿਕ ਪ੍ਰਭਾਵਾਂ ਦਾ ਹਿਸਾਬ ਮੰਗਿਆ। ਸ੍ਰ. ਪੀਰ ਮੁਹੰਮਦ ਅਤੇ ਸ੍ਰ. ਬ੍ਰਹਮਪੁਰਾ ਨੇ ਦ੍ਰਿੜਤਾ ਨਾਲ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਕਲੌਤੀ ਪਾਰਟੀ ਹੈ ਜੋ ਆਪਣੇ ਸੂਬੇ ਦੇ ਲੋਕਾਂ ਨੂੰ ਕਦੇ ਵੀ ਧੋਖਾ ਨਾ ਦੇਣ ਦੀ ਆਪਣੀ ਵਚਨਬੱਧਤਾ ਵਿੱਚ ਅਡੋਲ ਹੈ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਤਰੱਕੀ ਨੂੰ ਸਭ ਤੋਂ ਵੱਧ ਪਹਿਲ ਦਿੰਦੀ ਹੈ। ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਇਸ ਸਮੇਂ ਆਮ ਆਦਮੀ ਪਾਰਟੀ ਵੱਲੋਂ ਕੀਤੀ ਗਈ ਗੱਦਾਰੀ ਪੰਜਾਬ ਦੇ ਲੋਕਾਂ ਦੀ ਸੇਵਾ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਦੇ ਸਿਧਾਂਤਾਂ ਪ੍ਰਤੀ ਸਪੱਸ਼ਟਤਾ, ਦਲੇਰੀ ਅਤੇ ਦ੍ਰਿੜਤਾ ਦੀ ਮੰਗ ਕਰਦੀ ਹੈ, ਜਿਸ ਨੂੰ ਆਮ ਆਦਮੀ ਪਾਰਟੀ ਨੇ ਝੂਠ ਬੋਲ ਕੇ ਹਾਸਲ ਕੀਤਾ ਸੀ।

**☛ ਬ੍ਰਹਮਪੁਰਾ ਨੇ ਮੁੱਖ ਮੰਤਰੀ ਮਾਨ ਨੂੰ ਸਿਆਸੀ ਖੇਡਾਂ ਨਾਲੋਂ ਸੂਬੇ ਦੇ ਹਿਤਾਂ ਨੂੰ ਪਹਿਲ ਦੇਣ ਦੀ ਕੀਤੀ ਅਪੀਲ ☛ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਤਰੱਕੀ ਦਾ ਥੰਮ੍ਹ ਹੈ**

# ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਮੈਂਬਰ ਸਾਹਿਬਾਨ ਨੇ ਭਾਈ ਅਵਤਾਰ ਸਿੰਘ ਨੂੰ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਮਾਈ ਰਾਮ ਦੇਵੀ ਜੀ ਅੰਦਰੂਨ ਦਿੱਲੀ ਗੇਟ, ਢੀਂਗਰਾ ਹੋਟਲ ਦੇ ਸਾਹਮਣੇ ਗੁਰੂ ਸਾਹਿਬਾਨ ਦੇ ਸ਼ੁਕਰਾਨੇ ਦੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਭਾਈ ਅਵਤਾਰ ਸਿੰਘ ਫੌਜੀ ਨੂੰ 30 ਮਾਰਚ 2006 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੇ ਆਪਣੀ ਸੇਵਾ ਬਖਸ਼ਿਸ਼ ਕੀਤੀ ਸੀ, ਉਸ ਪਵਿੱਤਰ ਦਿਹਾੜੇ ਨੂੰ ਮਨਾਉਂਦੇ ਹੋਏ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਪਰਿਵਾਰ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਅਤੇ ਸ਼ਬਦ ਕੀਰਤਨ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿਚ ਸੰਗਤਾਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਦੇ ਮੈਂਬਰ ਸਾਹਿਬਾਨਾਂ ਨੇ ਹਾਜਰੀ ਭਰੀ। ਭਾਈ ਅਵਤਾਰ ਸਿੰਘ ਫੌਜੀ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਅਤੇ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਦੇ ਮੀਤ ਪ੍ਰਧਾਨ ਭਾਈ ਸਾਹਿਬ ਕੁਲਵੰਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਸਾਰੀਆਂ ਸੰਗਤਾਂ ਵੱਲੋਂ ਅਰਦਾਸ ਬੇਨਤੀ ਜੋਦੜੀ ਕੀਤੀ ਗਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਭਾਈ ਅਵਤਾਰ ਸਿੰਘ ਫੌਜੀ ਅਤੇ ਸੰਗਤਾਂ ਨੂੰ ਉੱਚੀ ਤੇ ਸੁੱਚੀ ਸੇਵਾ ਬਖਸ਼ਣ।

# ਲੋੜਵੰਦਾਂ ਦੀ ਹਰ ਮੱਦਦ ਕਰਨ ਵਾਲੇ ਡਾ: ਓਬਰਾਏ ਨੂੰ ਮਿਲੇ ਭਾਰਤ ਰਤਨ ਸਨਮਾਨ—ਭੁੱਲਰ



ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਸਮੂਹ ਧਰਮਾਂ ਦਾ ਸਤਿਕਾਰ ਕਰਨ ਵਾਲੇ ਅਤੇ ਦਾਨੀ ਸਖਸ਼ੀਅਤ ਡਾ: ਐਸ.ਪੀ ਸਿੰਘ ਓਬਰਾਏ ਨੂੰ ਭਾਰਤ ਸਰਕਾਰ ਵੱਲੋਂ ਭਾਰਤ ਰਤਨ ਦਾ ਸਨਮਾਨ ਦਿੱਤਾ ਜਾਵੇ। ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਚੇਅਰਮੈਨ ਹਰੀਪਾਲ ਸਿੰਘ ਸਰਾਂ, ਸੀਨੀਅਰ ਮੀਤ ਪ੍ਰਧਾਨ ਸੋਹਨ ਸਿੰਘ, ਜਰਨਲ ਸਕੱਤਰ ਸਰਬਜੀਤ ਸਿੰਘ ਛਾਬੜਾ, ਜਤਿੰਦਰ ਸਿੰਘ ਸਾਹਨੀ, ਸਵਰਨ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਵੱਲੋਂ ਭਾਰਤ ਸਰਕਾਰ ਨੂੰ ਇਕ ਪੱਤਰ ਲਿਖ ਕੇ ਵੀ ਅਪੀਲ ਕੀਤੀ ਗਈ ਹੈ ਕਿ ਡਾ: ਐਸ.ਪੀ ਸਿੰਘ ਓਬਰਾਏ ਜ਼ੋ ਹੋਟਲ ਮੈਨੇਜਮੈਂਟ ਦੇ ਮੁਖੀ ਹਨ ਅਤੇ ਆਪਣੀ ਕਿਰਤ ਕਮਾਈ ਵਿਚੋਂ 98 ਪ੍ਰਤੀਸ਼ਤ ਆਪਣੀ ਆਮਦਨ ਨੂੰ ਲੋੜਵੰਦਾਂ ਨੂੰ ਦਾਨ ਕਰ ਰਹੇ ਹਨ। ਸ੍ਰੀ ਓਬਰਾਏ ਨੇ ਹਜ਼ਾਰਾਂ ਲੜਕੀਆਂ ਦੇ ਵਿਆਹ ਕਰ ਚੁੱਕੇ ਹਨ, ਲਾਕਡਾਊਨ ਸਮੇਂ ਅਤੇ ਦੇਸ਼ ਵਿਚ ਕੋਈ ਵੀ ਮੰਦਭਾਗੀ ਘਟਨਾ ਵਾਪਰ ਜਾਵੇ ਭਾਵੇਂ ਕਿਨੇ ਇਲਾਕੇ ਦਾ ਪਾਣੀ ਖਰਾਬ ਹੋਵੇ ਭਾਵੇਂ ਹੜ੍ਹ ਆਏ ਹੋਣ, ਵੱਡੀ ਗਿਣਤੀ ਵਿਚ ਲੋੜਵੰਦਾਂ ਨੂੰ ਮਹੀਨਾਵਰ ਪੈਨਸ਼ਨਾਂ ਦੇ ਰਹੇ ਹਨ, ਉਨ੍ਹਾਂ ਦੇਸ਼ ਭਰ ਵਿਚ ਲਬੋਰਟਰੀਆਂ ਖੋਹਲ ਕੇ ਟੈਸਟ ਕਰ ਰਹੇ ਹਨ ਅਤੇ ਗਰੀਬਾਂ ਨੂੰ ਰਾਸ਼ਨ ਵੀ ਵੰਡ ਰਹੇ ਹਨ। ਉਹ ਸਮੂਹ ਧਰਮਾਂ ਦੇ ਸਾਂਝੇ ਕੰਮਾਂ ਨੂੰ ਪਹਿਲ ਦਿੰਦੇ ਹਨ, ਉਨ੍ਹਾਂ ਦੇ ਦੁਬਈ ਅਤੇ ਹੋਰ ਕਈ ਕੇਸਾਂ ਵਿਚ ਫਾਈਵ ਸਟਾਰ ਹੋਟਲ ਚਲਾ ਰਹੇ ਹਨ। ਅਸੀਂ ਪ੍ਰਧਾਨ ਮੰਤਰੀ ਅਤੇ ਰਾਸ਼ਟਰਪਤੀ ਜੀ ਨੂੰ ਪਹਿਲਾਂ ਵੀ ਅਪੀਲ ਕਰ ਚੁੱਕੇ ਹਾਂ, ਆਪ ਡਾ: ਐਸ.ਪੀ ਸਿੰਘ ਓਬਰਾਏ ਜੀ ਪਦਮ ਅਤੇ ਪਦਮ ਵਿਭੂਸ਼ਨ, ਭਾਰਤ ਰਤਨ ਭੇਂਟ ਕਰਕੇ ਸਨਮਾਨ ਦਿੱਤਾ ਜਾਵੇ। ਉਹ ਇਕ ਅਹਿਮ ਸਖਸ਼ੀਅਤ ਹਨ ਅਤੇ ਉਨ੍ਹਾਂ ਦਾ ਦਾਨ ਕਰਨ ਦਾ ਤਰੀਕਾ ਵੀ ਇਕ ਵਖਰਾ ਹੀ ਹੈ, ਜ਼ੋ ਸ਼ਲਾਘਾਯੋਗ ਹੈ।

# ਤੇਜ਼ ਝੱਖੜ ਤੇ ਬਾਰਿਸ਼ ਨੇ ਕਿਸਾਨਾਂ ਨੂੰ ਪ੍ਰੇਸ਼ਾਨੀ 'ਚ ਪਾਇਆ 20 ਤੋਂ 25 ਫੀਸਦੀ ਝਾੜ ਘੱਟਣ ਦਾ ਖਦਸ਼ਾ

**ਦੀਨਾਨਗਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੀਤੀ ਕੱਲ੍ਹ ਅੱਧੀ ਰਾਤ ਨੂੰ ਅਚਾਨਕ ਤੇਜ਼ ਹਨੇਰੀ-ਝੱਖੜ ਅਤੇ ਬੇਮੌਸਮੀ ਬਾਰਿਸ਼ ਨੇ ਕਿਸਾਨਾਂ ਦੇ ਮੱਥੇ 'ਤੇ ਇਕ ਵਾਰ ਮੁੜ ਪ੍ਰੇਸ਼ਾਨੀ ਦੀਆਂ ਲਕੀਰਾਂ ਆਈਆਂ ਹਨ ਜਿਸ ਕਾਰਨ ਹਰ ਕਿਸਾਨ ਦੀ ਨਜ਼ਰਾਂ ਅੰਬਰ ਵੱਲ ਤੱਕ ਰਹੀਆਂ ਹਨ। ਇਸ ਸੰਬੰਧੀ ਗੱਲਬਾਤ ਕਰਦੇ ਮੌਕੇ ਕਿਸਾਨ ਆਗੂ ਸੁਖਦੇਵ ਸਿੰਘ ਥੰਮਣ, ਗੁਰਵਿੰਦਰ ਸਿੰਘ ਕਠਿਆਲੀ, ਅਮਨਦੀਪ ਸਿੰਘ, ਪਵਨ ਠਾਕੁਰ, ਰੂਪ ਸਿੰਘ, ਅਸ਼ਵਨੀ ਸ਼ਰਮਾ , ਕੁਲਵੰਤ ਸਿੰਘ ਆਦਿ ਨੇ ਦੱਸਿਆ ਕਿ ਤੇਜ਼ ਹਵਾਵਾਂ ਅਤੇ ਬੇਮੌਸਮੀ ਬਾਰਿਸ਼ ਕਾਰਨ ਬਹੁਤ ਸਾਰੇ ਕਿਸਾਨਾਂ ਦੀਆਂ ਫ਼ਸਲਾਂ ਖ਼ਰਾਬ ਹੋ ਗਈਆਂ ਹਨ। ਕਿਸਾਨਾਂ ਠੇਕੇ 'ਤੇ ਜ਼ਮੀਨਾਂ ਲੈ ਕੇ ਕਣਕ ਦੀ ਬਿਜਾਈ ਕੀਤੀ ਹੋਈ ਹੈ ਪਰ ਮੌਸਮ ਵਿਭਾਗ ਦੀ ਚਿਤਾਨਵੀ ਨੇ ਕਿਸਾਨਾਂ ਦੇ ਮੱਥੇ 'ਤੇ ਆਲਮ ਦੀ ਲਕੀਰਾਂ ਪੈਦਾ ਕਰ ਦਿੱਤੀਆਂ ਹਨ ਜਿਸ ਕਾਰਨ ਕਿਸਾਨ ਦੇ ਉਪਰ ਕੁਦਰਤ ਦਾ ਕਰੋਪ ਪੂਰੀ ਤਰ੍ਹਾਂ ਨਾਲ ਦਿਖਾਈ ਦੇ ਰਿਹਾ ਹੈ। ਕਿਸਾਨਾਂ ਨੂੰ ਇਕ ਵਾਰੀ ਮੁੜ ਆਰਥਿਕ ਕੰਗਾਲੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ ।ਇਸੇ ਨਾਲ ਹੀ ਕਈ ਕਿਸਾਨਾਂ ਦੀ ਸਰੋਂ ਦੀ ਫ਼ਸਲ ਪੱਕ ਕੇ ਤਿਆਰ ਹੋ ਚੁੱਕੀ ਹੈ ਉਹ ਵੀ ਇਸ ਕੁਦਰਤੀ ਮਾਰੀ ਹੇਠਾਂ ਆ ਰਹੀ ਹੈ। ਕਿਸਾਨਾਂ ਨੇ ਦੱਸਿਆ ਕਿ ਬੇਮੌਸਮੀ ਬਾਰਿਸ਼ ਕਾਰਨ ਗੰਨੇ, ਮੱਕੀ ਅਤੇ ਪਸ਼ੂਆਂ ਲਈ ਚਾਰੇ ਦੀ ਫ਼ਸਲ ਵੀ ਲੇਟ ਹੋ ਰਹੀ ਹੈ ਜਿਸ ਕਾਰਨ ਕਿਸਾਨ ਵਰਗ ਨੂੰ ਦੌਹਰੀ ਮਾਰ ਪੈ ਰਹੀ ਹੈ। ਸਮੂਹ ਕਿਸਾਨ ਨੇ ਕਿਹਾ ਕਿ ਇਸ ਹਨੇਰੀ ਕਾਰਨ ਕਣਕ ਦੀ ਫਸਲ ਵੱਡੀ ਮਾਤਰਾ ਵਿਚ ਜ਼ਮੀਨ 'ਤੇ ਵਿੱਛ ਗਈ ਹੈ ਜਿਸ ਕਾਰਨ ਕਣਕ ਦੇ ਝਾੜ 'ਤੇ ਵੱਡਾ ਫਰਕ ਪੈ ਸਕਦਾ ਹੈ। ਕਿਸਾਨ ਨੇ ਦੱਸਿਆ ਕਿ ਜੇਕਰ ਆਉਣ ਵਾਲੇ ਦਿਨਾਂ ਵਿਚ ਮੌਸਮ ਸਾਫ਼ ਹੋ ਜਾਂਦਾ ਹੈ ਤਾਂ ਕਿਸਾਨ ਵਰਗ ਕੁਦਰਤੀ ਮਾਰ ਤੋਂ ਬੱਚ ਸਕਦਾ ਹੈ ਨਹੀ ਤਾਂ ਮੁੜ ਕਿਸਾਨ ਨੂੰ ਆਰਥਿਕ ਪੱਖੋ ਸ਼ਿਕਾਰ ਹੋਣ ਲਈ ਮਜ਼ਬੂਰ ਹੋਣਾ ਪੈ ਸਕਦਾ ਹੈ।

### ਸੰਤ ਬਿਸ਼ਨ ਸਿੰਘ ਮਾਡਲ ਸਕੂਲ ਡੱਲਾ ਦੇ

# 20ਵੇਂ ਸਾਲਾਨਾ ਸਮਾਗਮ ਮੌਕੇ ਸਤਿਗੁਰਾਂ ਦਾ ਓਟ ਆਸਰਾ ਤੇ ਸ਼ੁਕਰਾਨਾ









ਜਗਰਾਉਂ, (ਵਰਿਆਮ ਹਠੂਰ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੰਤ ਬਿਸ਼ਨ ਸਿੰਘ ਮਾਡਲ ਸਕੂਲ ਡੱਲਾ ਵਿਖੇ 20ਵਾਂ ਸਾਲਾਨਾ ਇਨਾਮ ਵੰਡ ਸਮਾਰੋਹ ਅਤੇ ਸ਼ੁਕਰਾਨਾ ਸਮਾਗਮ ਕਰਵਾਇਆ, ਸਮਾਗਮ ਮੌਕੇ ਸਕੂਲ ਮਨੇਜਮੈਂਟ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦਾ ਓਟ ਆਸਰਾ ਲੈਂਦਿਆਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ, ਨਗਰ ਸਮੇਤ ਦੂਰੋਂ ਨੇੜਿਉਂ ਗੁਰਸੰਗਤਾਂ ਨੇ ਸ਼ੁਕਰਾਨਾ ਸਮਾਗਮ ਵਿੱਚ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ ਤੇ ਸਕੂਲ ਸਟਾਫ਼ ਅਤੇ ਮੈਨੇਜਮੈਂਟ ਨੂੰ ਮੁਬਾਰਕਾਂ ਦਿੱਤੀਆਂ,

## ਗੁਰਸੰਗਤਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਕੀਤਾ ਸਿਜਦਾ ਭੇਟ

ਸਕੂਲ ਦੇ ਪੁਰਾਣੇ ਵਿਦਿਆਰਥੀ ਭਾਈ ਗੁਰਸ਼ਰਨ ਸਿੰਘ ਦੌਧਰ ਵਾਲਿਆਂ ਨੇ ਹਰਜਸ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਅਤੇ ਗੁਰਸੰਗਤਾਂ ਦਾ ਦਿਲ ਮੋਹ ਲਿਆ, ਬਾਬਾ ਗੁਰਸ਼ਰਨ ਸਿੰਘ ਦੌਧਰ ਨੇ ਸਿੱਖ ਇਤਿਹਾਸ 'ਤੇ ਚਾਨਣਾ ਪਾਉਂਦਿਆਂ ਆਪਣੇ ਵਿਦਿਆਰਥੀ ਜੀਵਨ ਸਮੇਂ ਸੰਤ ਬਿਸ਼ਨ ਸਿੰਘ ਮਾਡਲ ਸਕੂਲ ਡੱਲਾ ਵਿੱਚ ਗੁਜ਼ਾਰੇ ਪਲਾਂ ਨੂੰ ਵੀ ਬਿਆਨ ਕੀਤਾ ਅਤੇ ਉਨ੍ਹਾਂ ਇਸ ਸਕੂਲ ਤੋਂ ਪ੍ਰਾਪਤ ਕੀਤੀ ਸਿੱਖਿਆ ਤੇ ਸੰਸਕਾਰਾਂ ਨੂੰ ਬਿਆਨ ਕਰਦਿਆਂ ਕਿਹਾ ਕਿ ਜੇਕਰ ਕਿਸੇ ਬੱਚੇ ਦੀ ਜ਼ਿੰਦਗੀ ਵਿੱਚ ਦੋ ਸ਼ਖਸ਼ੀਅਤਾਂ ਇੱਕ ਮਾਪੇ ਤੇ ਦੂਸਰਾ ਅਧਿਆਪਕ ਚੰਗੇ ਮਿਲ ਜਾਣ ਤਾਂ ਉਸਦਾ ਜੀਵਨ ਸੰਵਰ ਜਾਂਦਾ ਹੈ ਅਤੇ ਭਵਿੱਖ ਸੁਨਹਿਰੀ ਬਣ ਜਾਂਦਾ ਹੈ। ਮਾਰਕਿਟ ਕਮੇਟੀ ਹਠੂਰ ਦੇ ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ ਅਤੇ ਪ੍ਰਿੰ.ਸੁਨੀਲ ਕੁਮਾਰ ਨੇ ਸਕੂਲ ਵੱਲੋਂ ਸਿੱਖਿਆ ਦੇ ਖੇਤਰ ਵਿਚ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਬਾਬਾ ਗੁਰਸ਼ਰਨ ਸਿੰਘ ਦੌਧਰ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਸਮਾਜ ਸੇਵੀ ਨਿਰਮਲ ਸਿੰਘ ਧੀਰਾ ਡੱਲਾ, 'ਆਪ' ਆਗੂ ਪਾਲੀ ਡੱਲਾ, ਪ੍ਰਿੰ. ਸਰਬਜੀਤ ਸਿੰਘ ਦੇਹੜਕਾ, ਪ੍ਰਿੰ. ਸੁਨੀਲ ਕੁਮਾਰ, ਪ੍ਰਿੰ. ਵਰਿੰਦਰ ਸਿੰਘ ਟੂਸੇ, ਨਾਵਲਕਾਰ ਜਸਵਿੰਦਰ ਸਿੰਘ ਛਿੰਦਾ, ਪੁਸ਼ਿਮੰਦਰ ਸਿੰਘ ਡੱਲਾ, ਬੇਅੰਤ ਸਿੰਘ ਦੇਹੜਕਾ, ਚੰਦ ਸਿੰਘ ਦੇਹੜਕਾ ਅਤੇ ਗ੍ਰੰਥੀ ਬੂਟਾ ਸਿੰਘ ਡੱਲ ?ਾ ਆਦਿ ਉਚੇਚੇ ਤੌਰ 'ਤੇ ਹਾਜ਼ਰ ਸਨ। ਇਸੇ ਤਰ੍ਹਾਂ ਹੀ ਸਕੂਲ ਦੇ ਵਧੀਆ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਸਮਾਜ ਸੇਵੀ ਨਿਰਮਲ ਸਿੰਘ ਧੀਰਾ ਡੱਲਾ, ਪ੍ਰਿੰ.ਸੁਨੀਲ ਕੁਮਾਰ ਅਤੇ ਪ੍ਰਿੰ.ਵਰਿੰਦਰ ਸਿੰਘ ਟੂਸੇ ਵੱਲੋਂ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਸਕੂਲ ਪ੍ਰਿੰ.ਸਰਬਜੀਤ ਸਿੰਘ ਦੇਹੜਕਾ ਵੱਲੋਂ ਬੱਚਿਆਂ ਅਤੇ ਸਤਿਕਾਰਤ ਸ਼ਖਸ਼ੀਅਤਾਂ ਨੂੰ ਸਨਮਾਨਿਤ ਕਰਦਿਆਂ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ, ਇਸ ਮੌਕੇ ਮਨਜਿੰਦਰ ਸਿੰਘ, ਜਗਜੀਤ ਸਿੰਘ ਡੱਲਾ, ਸੁਖਚੈਨ ਸਿੰਘ, ਹਰਦੇਵ ਸਿੰਘ, ਗੁਰਨਾਮ ਸਿੰਘ, ਬਿੱਟੂ ਡੱਲਾ, ਈਸ਼ਰ ਸਿੰਘ, ਪਵਨਦੀਪ ਸਿੰਘ ਭੱਟੀ, ਦਲਜੀਤ ਸਿੰਘ, ਰਾਜੂ ਫੌਜੀ, ਮਨੀ ਇੰਦਰਗੜ੍ਹ, ਕੁਲਵਿੰਦਰ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਸ਼ਰਨਜੀਤ ਕੌਰ, ਚਰਨਜੀਤ ਕੌਰ ਅਤੇ ਕੁਲਵੰਤ ਕੌਰ ਭੰਮੀਪੁਰਾ ਆਦਿ ਵੀ ਹਾਜ਼ਰ ਸਨ।



# ਸਰਹੱਦੀ ਖੇਤਰ ਦੇ ਮਸਲੇ ਹੱਲ ਹੋਣਗੇ, ਖੁੱਲ੍ਹੇਆਮ ਵਪਾਰ ਵੀ ਹੋਵੇਗਾ -ਤਰਨਜੀਤ ਸਿੰਘ ਸੰਧੂ

**☛ ਬਲਵਿੰਦਰ ਕੌਰ ਹਲਕਾ ਕਨਵੀਨਰ ਅਤੇ ਸੁਸ਼ੀਲ ਦੇਵਗਨ ਵੱਲੋਂ ਆਯੋਜਿਤ ਹਲਕਾ ਅਟਾਰੀ ਦੇ ਭਾਜਪਾ ਬੂਥ ਸੰਮੇਲਨ ਨੂੰ ਕੀਤਾ ਸੰਬੋਧਨ ☛ ਇਸ ਵਾਰ ਅੰਮ੍ਰਿਤਸਰ ਦੀ ਸ਼ੀਟ ਜਿੱਤ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੋਲੀ ਪਾਉਣੀ ਹੈ ਅਤੇ ਉਨ੍ਹਾਂ ਤੋਂ ਅੰਮ੍ਰਿਤਸਰ ਦੇ ਵਿਕਾਸ ਲਈ ਵਿਸ਼ੇਸ਼ ਪੈਕੇਜ ਲਿਆ ਦਾ ਜਾਵੇਗਾ ☛ ਬਿਹਤਰ ਵਰਤਮਾਨ ਅਤੇ ਭਵਿੱਖ ਲਈ ਅੰਮ੍ਰਿਤਸਰ ਦੇ ਹਰ ਇਕ ਬਾਸ਼ਿੰਦੇ ਨੂੰ ਸਰਦਾਰ ਸੰਧੂ ਦੀ ਜਿੱਤ ਲਈ ਹੁਣ ਤੋਂ ਕਮਰਕੱਸਾ ਕਰ ਲੈਣ ਦੀ ਅਪੀਲ ਕੀਤੀ ☛ ਵਿਕਾਸ ਅਤੇ ਖ਼ੁਸ਼ਹਾਲੀ ਦੇ ਚਾਹਵਾਨ ਅੰਮ੍ਰਿਤਸਰ ਦੇ ਲੋਕ ਇਸ ਵਾਰ ਭਾਜਪਾ ਨੂੰ ਛੱਡ ਕੇ ਕਿਸੇ ਹੋਰ ਪਾਰਟੀ ਤੇ ਕਿਸੇ ਵੀ ਹੋਰ ਸ਼ਖ਼ਸ ਨੂੰ ਕੋਈ ਮੌਕਾ ਨਹੀਂ ਦੇਣਗੇ।**






**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਨੇ ਹਲਕਾ ਅਟਾਰੀ ਦੇ ਭਾਜਪਾ ਦੇ ਬੂਥ ਸੰਮੇਲਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਵਾਰ ਅੰਮ੍ਰਿਤਸਰ ਦੀ ਸ਼ੀਟ ਜਿੱਤ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੋਲੀ ਪਾਉਣੀ ਹੈ ਅਤੇ ਉਨ੍ਹਾਂ ਤੋਂ ਅੰਮ੍ਰਿਤਸਰ ਦੇ ਵਿਕਾਸ ਲਈ ਵਿਸ਼ੇਸ਼ ਪੈਕੇਜ ਲਿਆ ਦਾ ਜਾਵੇਗਾ।ਇਸ 'ਤੇ ਸਟੇਜ 'ਤੇ ਮੌਜੂਦ ਸੀਨੀਅਰ ਆਗੂਆਂ, ਮੰਡਲ ਪ੍ਰਧਾਨਾਂ ਅਤੇ ਬੂਥਾਂ ਦੇ ਇੰਚਾਰਜ ਤੇ ਸਰਗਰਮ ਵਰਕਰਾਂ ਨੇ ਵਿਸ਼ਵਾਸ ਦਿਵਾਇਆ ਕਿ ਅਟਾਰੀ ਹਲਕਾ ਵੱਡੀ ਲੀਡ ਨਾਲ ਜਿੱਤਿਆ ਜਾਵੇਗਾ। ਸਰਦਾਰ ਤਰਨਜੀਤ ਸਿੰਘ ਸੰਧੂ ਪਾਰਟੀ ਉਮੀਦਵਾਰ ਐਲਾਨੇ ਜਾਣ ਤੋਂ ਬਾਅਦ ਸਥਾਨਕ ਪੈਲੇਸ ਵਿਖੇ ਰੈਲੀ ਦਾ ਰੂਪ ਧਾਰਨ ਕਰ ਗਈ ਇਸ ਪਲੇਠੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਜਿਸ ਦਾ ਆਯੋਜਨ ਬਲਵਿੰਦਰ ਕੌਰ ਹਲਕਾ ਕਨਵੀਨਰ ਅਤੇ ਸੁਸ਼ੀਲ ਦੇਵਗਨ ਵੱਲੋਂ ਕੀਤਾ ਗਿਆ ਅਤੇ ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਦਿਹਾਤੀ ਪ੍ਰਧਾਨ ਮਨਜੀਤ ਸਿੰਘ ਮੰਨਾਂ ਨੇ ਕੀਤੀ। ਇਸ ਵਿਚ ਡਾ. ਜਗਮੋਹਨ ਸਿੰਘ ਰਾਜੂ, ਸ਼ਵੇਤ ਮਲਿਕ, ਸੂਰਜ ਭਾਰਦਵਾਜ, ਗੁਰਪ੍ਰਤਾਪ ਸਿੰਘ ਟਿਕਾ ਅਤੇ ਰਾਜਬੀਰ ਸ਼ਰਮਾ ਨੇ ਵੀ ਆਪਣੇ ਵਿਚਾਰ ਰੱਖੇ।

ਸਰਦਾਰ ਸੰਧੂ ਜੋਸ਼ੀਲੇ ਵਰਕਰਾਂ ਦੇ ਠਾਠਾ ਮਰਦੇ ਇਕੱਠ ਦੇਖ ਗੱਦ ਗੱਦ ਹੁੰਦਿਆਂ ਕਿਹਾ ਕਿ ਅੱਜ ਜਿਹੜਾ ਜੋਸ਼ ਭਾਜਪਾ ਦੇ ਬੂਥ ਇੰਚਾਰਜਾਂ ਅਤੇ ਵਰਕਰਾਂ ਵਿਚ ਦੇਖਣ ਮਿਲਿਆ ਹੈ, ਉਸ ਨੇ ਇਹ ਨਿਸ਼ਚਿਤ ਕਰ ਦਿੱਤਾ ਹੈ ਕਿ ਇਹ ਸ਼ੀਟ ਭਾਜਪਾ ਜ਼ਰੂਰ ਜਿੱਤੇਗੀ। ਸੁਸ਼ੀਲ ਦੇਵਗਨ ਵੱਲੋਂ ਸਰਹੱਦੀ ਖੇਤਰ ਦੀਆਂ ਚੁਨੌਤੀਆਂ ਬਾਰੇ ਮਾਮਲਾ ਉਠਾਏ ਜਾਣ 'ਤੇ ਸਰਦਾਰ ਸੰਧੂ ਨੇ ਕਿਹਾ ਕਿ ਉਨ੍ਹਾਂ ਨੂੰ ਸਰਹੱਦੀ ਖੇਤਰ ਦੀਆਂ ਮੁਸ਼ਕਲਾਂ ਬਾਰੇ ਇਲਮ ਹੈ ਅਤੇ ਇਸ ਖੇਤਰ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਇਸ ਬਾਰੇ ਕੇਂਦਰੀ ਰੱਖਿਆ ਮੰਤਰੀ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ. ਜੈਸ਼ੰਕਰ ਨਾਲ ਤਮਾਮ ਮਾਮਲਿਆਂ 'ਤੇ ਵਿਚਾਰਾਂ ਕੀਤੀਆਂ ਹਨ, ਕੇਂਦਰੀ ਮੰਤਰੀਆਂ ਨੇ ਭਰੋਸਾ ਦਿੱਤਾ ਹੈ ਕਿ ਸਰਹੱਦੀ ਮਸਲੇ ਹੱਲ ਜਲਦ ਕੀਤੇ ਜਾਣਗੇ। ਜਿਸ ਵਿਚ ਅਟਾਰੀ ਬਾਡਰ ਰਾਹੀਂ ਵਪਾਰ ਖੋਲ੍ਹਣਾ ਵੀ ਸ਼ਾਮਿਲ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ 'ਚ ਨਵੀਨਤਾ ਲਿਆ ਕੇ ਕਿਸਾਨਾਂ ਦੀ ਆਮਦਨ ਵਧਾਇਆ ਜਾ ਸਕਦਾ ਹੈ, ਇਸ ਕਾਰਜ ਲਈ ਅੰਮ੍ਰਿਤਸਰ ਤੋਂ ਕਾਰਗੋ ਫਲਾਈਟਾਂ ਚਲਾਉਣ ਦੀ ਵਿਵਸਥਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਡੇ ਨੌਜਵਾਨਾਂ 'ਚ ਕਾਬਲੀਅਤ ਦੀ ਕਮੀ ਨਹੀਂ ਪਰ ਅਵਸਰ ਦੀ ਕਮੀ ਜ਼ਰੂਰ ਹੈ। ਉਨ੍ਹਾਂ ਨੂੰ ਹੁਨਰਮੰਦ ਬਣਾ ਕੇ ਅਵਸਰ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੁਝ ਦਹਾਕੇ ਪਹਿਲਾਂ ਅੰਮ੍ਰਿਤਸਰ ਉਦਯੋਗ ਦਾ ਕੇਂਦਰ ਹੋਇਆ ਕਰਦਾ ਸੀ ਹੁਣ ਵੀ ਇਥੇ ਉਦਯੋਗ ਸਥਾਪਿਤ ਕਰਨ ਲਈ ਕੇਂਦਰ ਸਰਕਾਰ ਤੋਂ ਮਦਦ ਅਤੇ ਵਿਦੇਸ਼ਾਂ ਖ਼ਾਸ ਕਰ ਕੇ ਅਮਰੀਕੀ ਕੰਪਨੀਆਂ ਤੋਂ ਪੂੰਜੀ ਨਿਵੇਸ਼ ਕਰਾਉਣ ਦੇ ਉਪਰਾਲੇ ਕੀਤੇ ਜਾਣਗੇ। ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਕਿਹਾ ਕਿ ਭਾਜਪਾ ਨੇ ਅੰਮ੍ਰਿਤਸਰ ਵਿੱਚ ਸਾਨੂੰ ਇੱਕ ਐਸਾ ਉਮੀਦਵਾਰ ਦਿੱਤਾ ਹੈ, ਜਿਸ ਨੇ ਅੰਮ੍ਰਿਤਸਰ ਦੇ ਸਾਰੇ ਲੋਕਾਂ ਵਿੱਚ ਉਮੀਦ ਅਤੇ ਵਿਸ਼ਵਾਸ ਪੈਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਅਤੇ ਖ਼ੁਸ਼ਹਾਲੀ ਦੇ ਚਾਹਵਾਨ ਅੰਮ੍ਰਿਤਸਰ ਦੇ ਲੋਕ ਇਸ ਵਾਰ ਭਾਜਪਾ ਨੂੰ ਛੱਡ ਕੇ ਕਿਸੇ ਹੋਰ ਪਾਰਟੀ ਤੇ ਕਿਸੇ ਵੀ ਹੋਰ ਸ਼ਖ਼ਸ ਨੂੰ ਕੋਈ ਮੌਕਾ ਨਹੀਂ ਦੇਣਗੇ।

ਭਾਜਪਾ ਦੇ ਜਨਰਲ ਸਕੱਤਰ ਅਤੇ ਅੰਮ੍ਰਿਤਸਰ ਲੋਕ ਸਭਾ ਦੇ ਇੰਚਾਰਜ ਡਾ. ਜਗਮੋਹਨ ਸਿੰਘ ਰਾਜੂ ਨੇ ਕਿਹਾ ਕਿ ਅੰਮ੍ਰਿਤਸਰ ਨਿਵਾਸੀ ਸਰਦਾਰ ਤਰਨਜੀਤ ਸਿੰਘ ਸੰਧੂ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਵਜੋਂ ਸੇਵਾ ਦੌਰਾਨ ਭਾਰਤ ਅਤੇ ਅਮਰੀਕੀ ਸਰਕਾਰਾਂ ਅਤੇ ਉਦਯੋਗਾਂ ਵਿੱਚ ਚੰਗੇ ਸਬੰਧ ਸਥਾਪਿਤ ਕਰ ਕੇ ਆਪਣੀ ਕਾਬਲੀਅਤ ਸਿੱਧ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਨੂੰ ਇਕ ਦੂਰ ਅੰਦੇਸ਼ ਆਗੂ ਦੀ ਜ਼ਰੂਰਤ ਸੀ ਜੋ ਸਾਨੂੰ ਤਰਨਜੀਤ ਸਿੰਘ ਸੰਧੂ ਦੇ ਰੂਪ ਵਿਚ ਮਿਲ ਗਿਆ ਹੈ।

ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮੰਨਾਂ ਨੇ ਕਿਹਾ ਕਿ ਸਾਨੂੰ ਸਰਦਾਰ ਤਰਨਜੀਤ ਸਿੰਘ ਸੰਧੂ ਦਾ ਅੱਗੇ ਵਧ ਕੇ ਸਾਥ ਦੇਣਾ ਚਾਹੀਦਾ ਹੈ। ਉਨ੍ਹਾਂ ਨੂੰ ਚੁਣੇ ਹੋਏ ਸੰਸਦ ਮੈਂਬਰ ਵਜੋਂ ਪਾਰਲੀਮੈਂਟ ਵਿੱਚ ਭੇਜਣਾ ਹੈ ਤਾਂ ਜੋ ਉਹਨਾਂ ਦੇ ਸ਼ਹਿਰੀ ਅਤੇ ਪੇਂਡੂ ਦ੍ਰਿਸ਼ਟੀਕੋਣ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕੇ। ਉਨ੍ਹਾਂ ਇੱਕ ਬਿਹਤਰ ਵਰਤਮਾਨ ਅਤੇ ਭਵਿੱਖ ਲਈ ਅੰਮ੍ਰਿਤਸਰ ਦੇ ਹਰ ਇਕ ਬਾਸ਼ਿੰਦੇ ਨੂੰ ਸਰਦਾਰ ਸੰਧੂ ਦੀ ਜਿੱਤ ਲਈ ਹੁਣ ਤੋਂ ਕਮਰਕੱਸਾ ਕਰ ਲੈਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਟਾਰ ਏਅਰ ਦੀ ਪਹਿਲੀ ਫਲਾਈਟ

# ਸ੍ਰੀ ਹਜ਼ੂਰ ਸਾਹਿਬ ਨਾਂਦੇੜ ਪੁੱਜਣ 'ਤੇ ਸ਼ਾਨਦਾਰ ਸਵਾਗਤ : ਡਾ. ਵਿਜੇ ਸਤਬੀਰ ਸਿੰਘ




**ਚੌਕ ਮਹਿਤਾ, 31 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬੋਰਡ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਵਲੋਂ ਕੀਤੀਆਂ ਗਈਆਂ ਲਗਾਤਾਰ ਕੋਸ਼ਿਸ਼ਾਂ ਤੇ ਅਣਥੱਕ ਮੇਹਨਤ ਦਾ ਸਦਕਾ ਸ੍ਰੀ ਗੁਰੂ ਗੋਬਿੰਦ ਸਿੰਘ ਏਅਰਪੋਰਟ ਨਾਂਦੇੜ ਵਿਖੇ ਸਟਾਰ ਏਅਰ ਦੀ ਪਹਿਲੀ ਫਲਾਈਟ ਪੁੱਜਣ 'ਤੇ ਸ੍ਰੀ ਹਜ਼ੂਰ ਸਾਹਿਬ ਦੀਆਂ ਮਾਣਮੱਤੀਆਂ ਸਖਸ਼ੀਅਤਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਵਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ ਸਟਾਰ ਏਅਰ ਦੀ ਇਹ ਹਵਾਈ ਸੇਵਾ ਆਦਮਪੁਰ ਜਲੰਧਰ ਤੋਂ ਵਾਇਆ ਹਿੰਡਨ ਗਾਜੀਆਬਾਦ ਹੁੰਦੀ ਹੋਈ ਸ਼ਾਮ ਨੂੰ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਪੁੱਜੀ ਇਸ ਮੌਕੇ ਡਾ. ਵਿਜੇ ਸਤਬੀਰ ਸਿੰਘ ਜੀ, ਸ੍ਰ: ਜਸਵੰਤ ਸਿੰਘ ਜੀ ਬੌਬੀ ਦਿੱਲੀ ਤੋਂ ਇਲਾਵਾ ਜਾਣੇ ਪਹਿਚਾਣੇ ਉਦਯੋਗਪਤੀਆਂ ਤੋਂ ਇਲਾਵਾ ਮੀਡੀਆ ਨਾਲ ਸੰਬੰਧਤ ਵੱਖ ਵੱਖ ਪ੍ਰਸਿੱਧ ਸਖਸ਼ੀਅਤਾਂ ਤੇ ਸੰਗਤਾਂ ਸ਼ਾਮਿਲ ਹਨ ਇਸ ਉਡਾਨ ਦਾ ਰੂਟ ਆਦਮਪੁਰ-ਹਿੰਡਨ ਗਾਜੀਆਬਾਦ-ਸ੍ਰੀ ਹਜ਼ੂਰ ਸਾਹਿਬ ਨਾਦੇੜ- ਬੰਗਲੌਰ ਹੋਵੇਗਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਏਅਰਪੋਰਟ 'ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਵਾਲੇ, ਸਟਾਰ ਏਅਰ ਦੇ ਪ੍ਰਮੁੱਖ ਅਧਿਕਾਰੀ ਸ੍ਰ: ਸਿਮਰਨ ਸਿੰਘ ਟਿਵਾਣਾ ਸੀ.ਓ., ਸ੍ਰੀ ਬੁਪਾਨਾ ਜੀ, ਸ੍ਰੀ ਜੱਸ ਸੰਧੂ, ਸ੍ਰੀ ਸੰਦੀਪ ਜੀ, ਸ੍ਰ: ਇੰਦਰਪਾਲ ਸਿੰਘ ਸ਼ਿਲੇਦਾਰ, ਗੁਰਦੁਆਰਾ ਬੋਰਡ ਦੇ ਸੁਪਰਡੈਂਟ ਸ੍ਰ: ਰਾਜਦਵਿੰਦਰ ਸਿੰਘ ਤੇ ਹੋਰ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ ਜਾਣਕਾਰੀ ਦਿੰਦਿਆਂ ਰਾਜਦਵਿੰਦਰ ਸਿੰਘ ਸੁਪਰਡੈਂਟ ਗੁਰਦਆਰਾ ਸੱਚਖੰਡ ਬੋਰਡ ਨੇ ਦੱਸਿਆ ਕਿ ਏਅਰਪੋਰਟ ਤੇ ਪੁਜੀਆਂ ਸਖਸ਼ੀਅਤਾਂ ਦਾ ਗੁਲਾਬ ਦੇ ਫੁੱਲਾਂ ਨਾਲ ਪਿਆਰ ਸਹਿਤ ਸਵਾਗਤ ਕੀਤਾ ਗਿਆ ਬੈਂਡ ਪਾਰਟੀ ਵਲੋਂ ਪਿਆਰੀਆਂ ਧੁਨਾਂ ਨਾਲ ਉਨ੍ਹਾਂ ਨੂੰ ਜੀ ਆਇਆ ਕਿਹਾ ਗਿਆ। ਰਸਤੇ ਵਿੱਚ ਗੁਰਦੁਆਰਾ ਮਾਲਟੇਕੜੀ ਸਾਹਿਬ ਵਿਖੇ ਸ੍ਰ: ਅਜੀਤ ਸਿੰਘ ਰਾਮਗੜੀਆ, ਬਜਾਜ਼ ਸ਼ੋਅ ਰੂਮ ਦੇ ਸਾਹਮਣੇ ਸ੍ਰ: ਦਰਸ਼ਨ ਸਿੰਘ ਸਿੱਧੂ, ਸ੍ਰੀ ਗੁਰੂ ਗੋਬਿੰਦ ਸਿੰਘ ਐਨ.ਆਰ.ਆਈ. ਦੇ ਸਾਹਮਣੇ ਸਿੰਧੀ ਸਮਾਜ, ਯਾਤਰੀ ਨਿਵਾਸ ਮੋੜ 'ਤੇ ਨਾਂਦੇੜ ਵਿਉਪਾਰੀ ਸੰਘ ਤੇ ਗੁਰਦੁਆਰਾ ਗੇਟ ਨੰ: 2 'ਤੇ ਸੱਚਖੰਡ ਪਬਲਿਕ ਸਕੂਲ, ਆਈ.ਟੀ.ਆਈ. ਤੇ ਗੁਰਦੁਆਰਾ ਬੋਰਡ ਦੇ ਸਮੂਹ ਸਟਾਫ ਤੇ ਅਧਿਕਾਰੀਆਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਏਥੇ ਹੀ ਪੁੱਜੀਆਂ ਸੰਗਤਾਂ ਨੂੰ ਚਾਹ, ਪਾਣੀ, ਪਕੌੜੇ, ਸੈਂਡਵਿਚ ਆਦਿ ਰੀਫਰੈਸ਼ਮੈਂਟ ਵਜੋਂ ਦਿਤੇ ਗਏ। ਤਖ਼ਤ ਸਾਹਿਬ ਵਿਖੇ ਪੁੱਜੀਆਂ ਸਾਰੀਆਂ ਮਹਾਨ ਸਖਸ਼ੀਅਤਾਂ ਦਾ ਮਾਨ ਸਨਮਾਨ ਵੀ ਕੀਤਾ ਗਿਆ ਡਾ. ਵਿਜੇ ਸਤਬੀਰ ਸਿੰਘ ਜੀ ਮੁੱਖ ਪ੍ਰਬੰਧਕ ਨੇ ਦਸਿਆ ਕਿ ਗੁਰੂ ਮਹਾਰਾਜ ਦੀ ਕਿਰਪਾ ਸਦਕਾ ਸਿੱਖਾਂ ਇਹ ਚਿਰੋਕਣੀ ਮੰਗ ਪੂਰੀ ਹੈ। ਇਸ ਲਈ ਅਸੀਂ ਕੇਂਦਰ ਅਤੇ ਮਹਾਰਾਸ਼ਟਰ ਸਰਕਾਰ ਦੇ ਤਹਿਦਿਲੋਂ ਧੰਨਵਾਦੀ ਹਾਂ ਇਹ ਹਵਾਈ ਸੇਵਾ ਸ਼ੁਰੂ ਹੋਣ ਨਾਲ ਦੁਨੀਆਂ ਭਰ ਵਿਚ ਵਸਦੀ ਸਿੱਖ ਸੰਗਤ ਨੂੰ ਹੁਣ ਭਾਰੀ ਲਾਭ ਹੋਵੇਗਾ ।

### ਭਾਈ ਟੋਡਰ ਮੱਲ ਜੀ ਦੀ ਪ੍ਰੇਮਾ ਭਗਤੀ ਨੂੰ ਸਮਰਪਿਤ ਗੁਰਮਤਿ ਸਮਾਗਮ 6 ਤੇ 7 ਅਪ੍ਰੈਲ ਨੂੰ

# 7 ਨੂੰ ਗੁਰੂ ਘਰਾਂ ਦੇ ਗ੍ਰੰਥੀ ਸਿੰਘਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ : ਭਾਈ ਸਾਹਿਬ ਸਿੰਘ ਸੰਧੂ






**ਜੰਡਿਆਲਾ ਗੁਰੂ, 31 ਮਾਰਚ (ਕੁਲਵੰਤ ਸਿੰਘ ਵਿਰਦੀ)**-ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਜੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਗੁਰਦੁਆਰਾ ਸਿੰਘ ਸਭਾ ਵਡਾਲੀ ਡੋਗਰਾਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰੂਹਾਨੀ ਰੱਬੀ ਰੂਹ ਭਾਈ ਟੋਡਰ ਮੱਲ ਜੀ ਦੀ ਪ੍ਰੇਮਾ ਭਗਤੀ ਨੂੰ ਸਮਰਪਿਤ ਗੁਰਮਤਿ ਸਮਾਗਮ ਅਤੇ ਸਰਬੱਤ ਦੇ ਭਲੇ ਲਈ 10 ਵਾਂ ਦੋ ਦਿਨ ਦਾ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ 6 ਅਪ੍ਰੈਲ ਨੂੰ ਸ਼ਾਮ ਨੂੰ ਸੰਧਿਆ ਦੀ ਸਮਾਪਤੀ ਤੋਂ ਉਪਰੰਤ ਕੀਰਤਨ ਦਰਬਾਰ ਸਜਾਇਆ ਜਾਵੇਗਾ ਅਤੇ 7 ਅਪ੍ਰੈਲ ਨੂੰ ਸਵੇਰੇ ਸੰਗਤੀ ਰੂਪ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਜਾਣਗੇ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ ਉਪਰੰਤ ਗੁਰੂ ਘਰਾਂ ਦੇ ਗ੍ਰੰਥੀ ਸਿੰਘ ਸਾਹਿਬਾਨਾਂ ਨੂੰ ਵਿਸ਼ੇਸ਼ ਸਨਮਾਨ ਦੇ ਕਿ ਸਨਮਾਨਿਤ ਕੀਤਾ ਜਾਵੇਗਾ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਇਨ੍ਹਾਂ ਸਮਾਗਮਾਂ ਵਿੱਚ ਪਹੁੰਚ ਕੇ ਆਪਣਾ ਜੀਵਨ ਸਫ਼ਲ ਬਣਾਓ ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਤੋਂ ਇਲਾਵਾ, ਸੁਸਾਇਟੀ ਦੇ ਸਲਾਹਕਾਰ ਡਾ ਬਲਬੀਰ ਸਿੰਘ ਜੰਡ , ਸਰਪੰਚ ਕੁਲਦੀਪ ਸਿੰਘ ਰੱਖ ਮਾਨਾਂਵਾਲਾ , ਜਸਬੀਰ ਸਿੰਘ , ਅਮਨਦੀਪ ਸਿੰਘ , ਬੂਟਾ ਸਿੰਘ , ਸੁਸਾਇਟੀ ਦਾ ਜਰਨਲ ਸਕੱਤਰ ਜੋਬਨਬੀਰ ਸਿੰਘ ਵਡਾਲੀ , ਸੁਖਮਨਦੀਪ ਸਿੰਘ ਸਾਰੰਗੜ੍ਹਾ ਆਦਿ ਹਾਜ਼ਰ ਸਨ।

# ਤੁਸੀਂ ਮੌਕਾ ਦਿਓ, 2027 ਤਕ ਅੰਮ੍ਰਿਤਸਰ ਦਾ ਨਕਸ਼ਾ ਬਦਲ ਦਿੱਤਾ ਜਾਵੇਗਾ - ਤਰਨਜੀਤ ਸਿੰਘ ਸੰਧੂ

☛ ਅੰਮ੍ਰਿਤਸਰ ਨੂੰ ਉਦਯੋਗ ਅਤੇ ਵਪਾਰਕ ਖੇਤਰ ਵਿਚ ਫਿਰ ਤੋਂ ਦੇਸ਼ 'ਚ ਅੱਵਲ ਦਰਜੇ 'ਤੇ ਲਿਆਂਦਾ ਜਾਵੇਗਾ ☛ ਗਾਰਡਨ ਕਾਲੋਨੀ ਦੇ ਵਸਨੀਕਾਂ ਨੇ ਸਰਦਾਰ ਸੰਧੂ ਨੂੰ ਹਮਾਇਤ ਦਿੱਤੀ ਅਤੇ ਸਾਥ ਦੇਣ ਦਾ ਭਰੋਸਾ ਦਿੱਤਾ।



**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਨੇ ਅੱਜ ਗਾਰਡਨ ਕਾਲੋਨੀ ਵਿਖੇ ਕਾਰੋਬਾਰੀਆਂ ਅਤੇ ਉਦਯੋਗਿਕ ਖੇਤਰ ਨਾਲ ਸੰਬੰਧਿਤ ਲੋਕਾਂ ਨੂੰ ਸੰਬੋਧਨ ਕਰਦਿਆਂ ਪੂਰੇ ਯਕੀਨ ਨਾਲ ਕਿਹਾ ਕਿ ਇਹ ਮੇਰੀ ਸ਼ੁਰੂਆਤ ਹੈ, ਤੁਸੀਂ ਮੌਕਾ ਦਿਓ, 2027 ਤਕ ਅੰਮ੍ਰਿਤਸਰ ਦਾ ਨਕਸ਼ਾ ਬਦਲ ਕੇ ਮੁੜ ਸਿਫ਼ਤੀਂ ਦਾ ਘਰ ਬਣਾ ਦਿੱਤਾ ਜਾਵੇਗਾ। ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਤੁਹਾਡੇ ਵਾਂਗ ਅੰਮ੍ਰਿਤਸਰ ਮੇਰੇ ਵੀ ਦਿਲ ਵਿਚ ਹੈ। ਤੁਹਾਡੇ ਵਰਗੀਆਂ ਹਸਤੀਆਂ ਜੋ ਅੰਮ੍ਰਿਤਸਰ ਨੂੰ ਪਿਆਰ ਕਰਦੇ ਹਨ, ਉਨ੍ਹਾਂ ਨੂੰ ਇਕ ਜੂਨ ਨੂੰ ਪਹਾੜੀ ਸੈਰਾਂ ਦੀ ਨਹੀਂ ਸਗੋਂ ਵੋਟ ਦੇ ਅਧਿਕਾਰ ਦੀ ਵਰਤੋਂ ਦੀ ਅਵੱਸ਼ ਪਹਿਲ ਕਰਨੀ ਹੋਵੇਗੀ। ਸਰਦਾਰ ਸੰਧੂ ਨੇ ਕਾਰੋਬਾਰੀਆਂ ਨੇ ਦੂਜੇ ਰਾਜਾਂ ਦੇ ਮੁਕਾਬਲੇ ਕਾਰੋਬਾਰੀਆਂ ਤੇ ਇੰਡਸਟਰੀ ਨੂੰ ਪੰਜਾਬ ਵਿਚ ਬਿਜਲੀ ਮਹਿੰਗੀ ਮਿਲਣ ਦੀ ਗਲ ਕੀਤੀ ਅਤੇ ਆਪਣੀਆਂ ਹੋਰ ਸਮੱਸਿਆਵਾਂ ਦੱਸੀਆਂ, ਜਿਸ 'ਤੇ ਸਰਦਾਰ ਸੰਧੂ ਨੇ ਕਿਹਾ ਕਿ ਉਹ ਜਾਣਦੇ ਹਨ ਕਿ ਅੰਮ੍ਰਿਤਸਰ ਜੋ ਪਹਿਲਾਂ ਉਦਯੋਗ ਅਤੇ ਵਪਾਰਕ ਖੇਤਰ ਵਿਚ ਦੇਸ਼ 'ਚ ਅੱਵਲ ਦਰਜੇ 'ਤੇ ਸੀ ਪਰ ਹੁਣ ਇਸ ਦੀ ਹਾਲਤ ਖ਼ਰਾਬ ਹੋ ਚੁੱਕੀ ਹੈ। ਛਿਹਰਟਾ ਅਤੇ ਬਟਾਲੇ ਦੀਆਂ ਉਦਯੋਗਿਕ ਇਕਾਈਆਂ ਖ਼ਤਮ ਹੋ ਰਹੀਆਂ ਹਨ। ਸਹੂਲਤਾਂ ਅਤੇ ਚੰਗੀਆਂ ਨੀਤੀਆਂ ਦੀ ਅਣਹੋਂਦ ਕਾਰਨ ਉਦਯੋਗਪਤੀ ਅੰਮ੍ਰਿਤਸਰ ਛੱਡ ਚੁੱਕੇ ਹਨ ਜਾਂ ਰਹੇ ਹਨ। ਕੱਪੜਾ ਉਦਯੋਗ ਸੂਰਤ 'ਚ ਅਤੇ ਕੰਬਲ ਉਦਯੋਗ ਪਾਣੀਪਤ ਜਾ ਚੁੱਕੇ ਹਨ। ਪਰ ਸਾਡੇ ਕੋਲ ਹੁਣ ਵੀ ਕਈ ਅਵਸਰ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਭਾਰਤ ਅਮਰੀਕਾ ਸੰਬੰਧ ਹੁਣ ਭਾਈਵਾਲੀ ਵਿਚ ਬਦਲ ਚੁੱਕੀ ਹੈ। ਅਮਰੀਕੀ ਕੰਪਨੀਆਂ ਭਾਰਤ ਵਿਚ ਨਿਵੇਸ਼ ਕਰ ਰਹੀਆਂ ਹਨ ਹੁਣ ਇਹ ਨਿਵੇਸ਼ ਅੰਮ੍ਰਿਤਸਰ ਵੀ ਲਿਆਂਦਾ ਜਾਵੇਗਾ। ਅਮਰੀਕਾ ਭਾਰਤ ਵਿੱਚ ਸਿਹਤ, ਸੈਮੀਕੰਡਕਟਰ, ਰੱਖਿਆ, ਨਵੀਂ ਤਕਨੀਕ ਵਰਗੇ ਖੇਤਰਾਂ ਵਿੱਚ ਨਿਵੇਸ਼ ਕਰ ਰਿਹਾ ਹੈ। ਅਟਾਰੀ ਰਾਹੀਂ ਹੀ ਨਹੀਂ ਸਗੋਂ ਏਅਰ ਕਾਰਗੋ ਰਾਹੀ ਅਤੇ ਪੱਟੀ ਤੋਂ ਗੁਜਰਾਤ ਰਾਹੀ ਖਾੜੀ ਦੇਸ਼ਾਂ ਨਾਲ ਵੀ ਸੰਪਰਕ ਵਧਾਏ ਜਾਣਗੇ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਸਤਾਂ ਫਲ਼ ਅਤੇ ਸਬਜ਼ੀਆਂ ਖਾੜੀ ਦੇਸ਼ਾਂ 'ਚ ਕਾਰਗੋ ਰਾਹੀਂ ਭੇਜ ਕੇ ਵਪਾਰ ਅਤੇ ਕਿਸਾਨਾਂ ਦੀ ਆਮਦਨ ਵਧਾਈ ਜਾ ਸਕਦੀ ਹੈ। ਇੱਥੋਂ ਦੇਸ਼ ਅਤੇ ਵਿਦੇਸ਼ ਨਾਲ ਏਅਰ ਕੁਨੈਕਟੀਵਿਟੀ ਵਿਚ ਵਾਧਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧਾਰਮਿਕ ਯਾਤਰਾ ਅਤੇ ਸੈਰ ਸਪਾਟਾ ਲਈ ਰੋਜ਼ਾਨਾ 1.5 ਲੱਖ ਲੋਕ ਇਥੇ ਆਉਂਦੇ ਹਨ, ਇਸ ਨੂੰ ਟੂਰਿਜ਼ਮ ਇੰਡਸਟਰੀ ਵਿਚ ਬਦਲਣ ਦੀ ਲੋੜ ਹੈ ਅਤੇ ਨੌਜਵਾਨਾਂ ਨੂੰ ਸਟਾਰਟਅੱਪ ਨਾਲ ਜੋੜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਵੀਂ ਪੀੜੀ ਦਾ ਭਵਿਖ ਸੁਰੱਖਿਅਤ ਕਰਨ ਦੀ ਜ਼ਿੰਮੇਵਾਰੀ ਸਾਡੀ ਸਭ ਦੀ ਹੈ। ਉਨ੍ਹਾਂ ਨੂੰ ਬਿਹਤਰ ਅਤੇ ਕਿੱਤਾਮੁਖੀ ਸਿੱਖਿਆ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਅੰਮ੍ਰਿਤਸਰ ਦੀ ਸਥਿਤੀ ਬਾਰੇ ਜਾਣਦੇ ਹਾਂ। ਸਵਾਲ ਇਹ ਹੈ ਕਿ ਜੇਕਰ ਇੰਦੌਰ ਦੇਸ਼ ਦਾ ਸਭ ਤੋਂ ਸਾਫ਼-ਸੁਥਰਾ ਸ਼ਹਿਰ ਬਣ ਸਕਦਾ ਹੈ ਤਾਂ ਅੰਮ੍ਰਿਤਸਰ ਕਿਉਂ ਨਹੀਂ ਬਣ ਸਕਦਾ ? ਮੈਨੂੰ ਪੂਰਾ ਭਰੋਸਾ ਹੈ ਕਿ 2027 ਵਿੱਚ ਜਦੋਂ ਅੰਮ੍ਰਿਤਸਰ ਦੀ 450 ਵਾਂ ਸਥਾਪਨਾ ਦਿਵਸ ਮਨਾ ਰਹੇ ਹੋਵਾਂਗੇ ਤਾਂ ਇਹ ਸ਼ਹਿਰ ਇੰਦੌਰ ਤੋਂ ਵਧ ਸੁੰਦਰ ਤੇ ਸਾਫ਼ ਸੁਥਰਾ ਹੋਵੇਗਾ। 2027 ਵਿੱਚ, ਅਸੀਂ ਗਾਂਧੀ ਮੈਦਾਨ ਵਿੱਚ ਪਹਿਲਾ ਆਈ ਪੀ ਐੱਲ ( 9♦*) ਮੈਚ ਵੀ ਆਯੋਜਿਤ ਕਰਾਂਗੇ। ਅੰਮ੍ਰਿਤਸਰ ਵਿੱਚ ਅਮਰੀਕਨ ਕੌਂਸਲੇਟ ਖੋਲ੍ਹਣ ਦੀ ਹਾਮੀ ਭਰੀ ਹੈ, ਸਾਨੂੰ ਇੱਥੇ ਵੀਜ਼ਾ ਮਿਲ ਜਾਵੇਗਾ। ਤੁਸੀਂ ਨੌਜਵਾਨਾਂ ਦੀ ਗੱਲ ਤਾਂ ਬਹੁਤ ਕਰਦੇ ਹੋ ਪਰ ਪੰਜਾਬ ਦੇ ਨੌਜਵਾਨ ਵਿਦੇਸ਼ ਜਾਣ ਦੇ ਇਰਾਦੇ ਰੱਖਦੇ ਹਨ। ਫਿਰ ਨਸ਼ੇ ਦੀ ਸਮੱਸਿਆ ਵੀ ਹੈ। ਸਾਡਾ ਫ਼ਰਜ਼ ਬਣਦਾ ਹੈ ਕਿ ਅਸੀਂ ਆਉਣ ਵਾਲੀ ਪੀੜ੍ਹੀ ਲਈ ਅਜਿਹੇ ਹੁਨਰ ਵਿਕਸਿਤ ਕਰੀਏ ਜੋ ਉਨ੍ਹਾਂ ਨੂੰ ਨੌਕਰੀਆਂ ਦਿਵਾਉਣ ਵਿੱਚ ਮਦਦ ਕਰਨ। ਫੋਕਸ ਹੁਨਰ ਵਿਕਾਸ 'ਤੇ ਹੋਣਾ ਚਾਹੀਦਾ ਹੈ, ਡਿੱਗਰੀਆਂ 'ਤੇ ਨਹੀਂ। ਅਸੀਂ ਪਿਛਲੇ 4 ਸਾਲਾਂ ਵਿੱਚ ਇਹ ਸਾਰੀਆਂ ਨੌਕਰੀਆਂ ਭਾਰਤ ਵਿੱਚ ਲੈ ਕੇ ਆਏ ਹਾਂ, ਇਸ ਲਈ ਮੈਨੂੰ ਵਿਸ਼ਵਾਸ ਹੈ ਕਿ ਮੈਂ ਆਪਣੇ ਸੰਪਰਕਾਂ ਰਾਹੀਂ ਵਿਦੇਸ਼ੀ ਕੰਪਨੀਆਂ ਨੂੰ ਅੰਮ੍ਰਿਤਸਰ ਲਿਆਵਾਂਗਾ। ਕਈ ਵੱਡੀਆਂ ਕੰਪਨੀਆਂ ਦੇ ਸੀਈਓ ਪੰਜਾਬ ਅਤੇ ਭਾਰਤ ਦੇ ਹਨ। ਉਹ ਮੇਰੇ ਜਾਣਕਾਰ ਹਨ। ਉਨ੍ਹਾਂ ਨੂੰ ਉਤਸ਼ਾਹਿਤ ਕਰਕੇ ਇੱਥੇ ਲੈ ਕੇ ਆਉਣਗੇ। ਸਥਾਨਕ ਪੱਧਰ 'ਤੇ ਨੌਜਵਾਨਾਂ ਲਈ ਮੌਕੇ ਪੈਦਾ ਕਰਨਗੇ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਉਸ ਕੋਲ ਅੰਮ੍ਰਿਤਸਰ ਦੇ ਵਿਕਾਸ ਲਈ ਯੋਜਨਾਵਾਂ ਹਨ। ਉਨ੍ਹਾਂ ਸ਼ਹਿਰ ਦੇ ਵਿਕਾਸ ਲਈ ਭਾਜਪਾ ਨੂੰ ਮਜ਼ਬੂਤ ਕਰਨ ਅਤੇ ਕਮਲ ਦੇ ਫੁੱਲ 'ਤੇ ਮੋਹਰਾਂ ਲਾਉਣ ਦੀ ਅਪੀਲ ਕੀਤੀ। ਉਨ੍ਹਾਂ ਇਕ ਉਸਾਰੂ ਰਾਜਨੀਤੀ ਦਾ ਸਾਥ ਦੇਣ ਲਈ ਹਰੇਕ ਨੂੰ ਅੱਗੇ ਆਉਣ ਦਾ ਸਦਾ ਦਿੱਤਾ। ਅੰਮ੍ਰਿਤਸਰ ਦੇ ਵਿਕਾਸ ਨੂੰ ਲੈ ਕੇ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਗਾਰਡਨ ਕਾਲੋਨੀ ਦੇ ਵਸਨੀਕਾਂ ਨੇ ਹਮਾਇਤ ਦਿੱਤੀ ਅਤੇ ਸਰਦਾਰ ਸੰਧੂ ਦਾ ਸਾਥ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਹਲਕਾ ਇੰਚਾਰਜ ਪੱਛਮੀ ਕੁਮਾਰ ਅਮਿਤ , ਰਮੇਸ਼ ਅਰੋੜਾ, ਸੁਧੀਰ ਸ੍ਰੀਧਰ ਮੰਡਲ ਪ੍ਰਧਾਨ, ਸੰਤੋਖ ਗੁਪਤਾ, ਅਸ਼ੋਕ ਕਪੂਰ, ਵਿਜੈ ਅਗਰਵਾਲ ਨੇ ਵੀ ਆਪਣੇ ਵਿਚਾਰ ਰੱਖੇ ।

# ਕੇਂਦਰ ਦੀ ਮੋਦੀ ਸਰਕਾਰ ਹਾਰ ਦੇ ਡਰੋਂ ਈਡੀ ਦਾ ਸਹਾਰਾ ਲੈ ਰਹੀ ਹੈ : ਚੇਅਰਮੈਨ ਰਾਜਵੰਤ ਸਿੰਘ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )** ਦੇਸ਼ ਦੇ ਇਮਾਨਦਾਰ, ਸਿੱਖਿਆ ਸਿਹਤ ਦੇ ਖੇਤਰ ਵਿੱਚ ਨਵੀ ਕ੍ਰਾਂਤੀ ਦਾ ਸੁਪਨਾ ਦਿਖਾਉਣ ਵਾਲੇ ਆਪ ਸੁਪ੍ਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕਰਕੇ ਆਮ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੌਸਿਸ਼ ਕੀਤੀ ਜਾ ਰਹੀ ਹੈ। ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਗਵਾਈ ਹੇਠ ਕੇਜਰੀਵਾਲ ਦੇ ਨਾਲ ਚੱਟਾਨ ਵਾਂਗ ਖੜੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕਿਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਹਾਰ ਦੇ ਡਰੋਂ ਈਡੀ ਦਾ ਸਹਾਰਾ ਲੈ ਰਹੀ ਹੈ। ਈਡੀ ਦੀ ਰੇਡ ਮਰਵਾ ਕੇ ਇਮਾਨਦਾਰ ਲੋਕਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਆਪ ਆਗੂ ਸ, ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਧ ਸਿੰਘ ਕਾਂਝਲਾ, ਆਪ ਆਗੂ ਨਪਿੰਦਰ ਸਿੰਘ ਕਾਂਝਲਾ, ਆਪ ਆਗੂ ਕੁਲਵਿੰਦਰ ਸਿੰਘ ਹਸਨਪੁਰ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਬਿੱਲਾ ਸਾਹੀਵਾਲ, ਆਪ ਆਗੂ ਯੋਧਾ ਸਾਹੀਵਾਲ, ਆਪ ਆਗੂ ਭਿੰਦਾ ਕਲੇਰਾਂ, ਆਪ ਆਗੂ ਬਖਸੀਸ ਸਿੰਘ ਤੋਂ ਇਲਾਵਾ ਆਪ ਆਗੂ ਵੱਡੀ ਗਿਣਤੀ 'ਚ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਲੋਕਤੰਤਰ ਬਚਾਓ ਰੈਲੀ 'ਚ ਵੱਡੇ ਕਾਫਲੇ ਸਮੇਤ

# ਦਿੱਲੀ ਪਹੁੰਚੇ ਬਲਾਕ ਪ੍ਰਧਾਨ ਗਗਨ ਜਵੰਦਾ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ, ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਅਤੇ ਦਫਤਰ ਇੰਚਾਰਜ ਅੰਮ੍ਰਿਤ ਬਰਾੜ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਦੇ ਹੱਕ ਵਿੱਚ ਦਿੱਲੀ ਵਿਖੇ ਲੋਕਤੰਤਰ ਬਚਾਓ ਰੈਲੀ ਵਿੱਚ ਬਲਾਕ ਪ੍ਰਧਾਨ ਗਗਨ ਜਵੰਦਾ ਆਪਣੇ ਸਾਥੀਆਂ ਸਮੇਤ ਵੱਡੀ ਕਾਫਲੇ ਸਮੇਤ ਸਾਮਿਲ ਹੋਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਗਨ ਜਵੰਦਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਦੀ ਚੜ੍ਹਤ ਬਰਦਾਸ਼ਤ ਨਹੀਂ ਹੋ ਰਹੀ। ਜਿਸ ਕਰਕੇ ਕੇਜਰੀਵਾਲ ਨੂੰ ਝੂਠੇ ਕੇਸਾਂ ਵਿੱਚ ਫਸਾਂ ਕੇ ਬਦਨਾਮ ਕਰਨ ਦੀ ਕੌਸਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕ ਆਪ ਦੀਆਂ ਲੋਕ ਭਲਾਈ ਸਕੀਮਾਂ ਤੋਂ ਜਾਣੂ ਹਨ ਦੇਸ਼ ਦੇ ਵਾਸੀ ਆਉਣ ਵਾਲੀਆਂ ਲੋਕ ਸਭਾ ਚੋਣਾਂ ਆਪ ਦੇ ਉਮੀਦਵਾਰਾਂ ਦੇ ਹੱਕ ਵਿੱਚ ਫਤਵਾ ਦੇ ਕੇ ਵੱਡੇ ਮਾਰਜਨ ਨਾਲ ਜਿੱਤ ਦਵਾਉਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ, ਆਪ ਆਗੂ ਬਲਵੀਰ ਸਿੰਘ ਈਸੀ ਤੋਂ ਇਲਾਵਾ ਆਪ ਆਗੂ ਵੱਡੀ ਗਿਣਤੀ 'ਚ ਹਾਜਰ ਸਨ।

## ✮ ਫੋਟੋ ਗੈਲਰੀ ✮




ਦੇਸ਼ ਭਗਤ ਬੀ.ਐਡ ਕਾਲਜ ਬਰੜਵਾਲ 'ਚ ਕਨਵੋਕੇਸ਼ਨ ਸਮਾਗਮ ਦੌਰਾਨ ਕੋਰਸ ਪੂਰਾ ਕਰ ਚੁੱਕੇ ਵਿਦਿਆਰਥੀਆਂ ਨੂੰ ਵੰਡੀਆਂ ਡਿਗਰੀਆ ਵੰਡਣ ਮੌਕੇ ਮੁੱਖ ਪ੍ਰਬੰਧਕ ਸ,ਬਲਵੀਰ ਸਿੰਘ ਅਤੇ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ। ਫੋਟੋ : ਰਣਜੀਤ ਸਿੰਘ ਪੇਧਨੀ

### ਗਿਆਰਵੀਂ ਜਮਾਤ ਵਿੱਚ ਦਾਖ਼ਲੇ ਲਈ 1317 ਵਿਦਿਆਰਥੀਆਂ ਨੇ ਦਿੱਤੀ

# ਸਕੂਲ ਆਫ਼ ਐਮੀਨੈਂਸ ਅਤੇ ਮੈਰੇਟੋਰੀਅਸ ਸਕੂਲ ਪ੍ਰਵੇਸ਼ ਪ੍ਰੀਖਿਆ

**ਸੁਜਾਨਪੁਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਿੱਖਿਆ ਵਿਭਾਗ ਵੱਲੋਂ ਪੰਜਾਬ ਭਰ ਵਿੱਚ ਸ਼ੁਰੂ ਕੀਤੇ ਗਏ ਸਕੂਲ ਆਫ਼ ਐਮੀਨੈਂਸ ਵਿੱਚ ਗਿਆਰਵੀਂ ਜਮਾਤ ਅਤੇ ਨੌਵੀਂ ਜਮਾਤ ਵਿੱਚ ਦਾਖ਼ਲੇ ਲਈ ਪ੍ਰਵੇਸ਼ ਪ੍ਰੀਖਿਆ ਸਫ਼ਲਤਾਪੂਰਵਕ ਸੰਪੰਨ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਜਗਵਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਹਰਭਗਵੰਤ ਸਿੰਘ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਿਆਰਵੀਂ ਜਮਾਤ ਵਿੱਚ ਦਾਖ਼ਲੇ ਲਈ 1570 ਵਿਦਿਆਰਥੀਆਂ ਅਤੇ ਨੌਵੀਂ ਜਮਾਤ ਵਿੱਚ ਦਾਖ਼ਲੇ ਲਈ 834 ਵਿਦਿਆਰਥੀਆਂ ਨੇ ਫ਼ਾਰਮ ਭਰਿਆਂ ਸੀ। ਗਿਆਰਵੀਂ ਜਮਾਤ ਵਿੱਚ 1317 ਵਿਦਿਆਰਥੀ ਹਾਜ਼ਰ ਹੋਏ ਅਤੇ 253 ਵਿਦਿਆਰਥੀ ਗੈਰਹਾਜ਼ਰ ਰਹੇ, ਜਦਕਿ ਨੌਵੀਂ ਜਮਾਤ ਵਿੱਚ 732 ਵਿਦਿਆਰਥੀ ਹਾਜ਼ਰ ਹੋਏ ਅਤੇ 102 ਵਿਦਿਆਰਥੀ ਗੈਰਹਾਜ਼ਰ ਰਹੇ।



**ਵੱਖ ਵੱਖ ਟੀਮਾਂ ਵੱਲੋਂ ਕੀਤਾ ਗਿਆ ਪ੍ਰੀਖਿਆ ਕੇਂਦਰਾਂ ਦਾ ਦੌਰਾ :** ਜ਼ਿਲ੍ਹਾ ਅਧਿਕਾਰੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੱਖ ਵੱਖ ਪ੍ਰੀਖਿਆ ਕੇਂਦਰਾਂ ਵਿੱਚ 100 ਦੇ ਕਰੀਬ ਵਿਭਾਗੀ ਅਮਲੇ ਨੂੰ ਪ੍ਰੀਖਿਆਂ ਨੂੰ ਵਿਭਾਗੀ ਨਿਰਦੇਸ਼ਾਂ ਅਨੁਸਾਰ ਕਰਵਾਉਣਾ ਲਈ ਨਿਯੁਕਤ ਕੀਤਾ ਗਿਆ ਸੀ। ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਜਗਵਿੰਦਰ ਸਿੰਘ ਵੱਲੋਂ ਸ਼ਹੀਦ ਮੱਖਣ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੇਐਫਸੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਜਾਨਪੁਰ ਮੁੰਡੇ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲਕਪੁਰ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਹਰਭਗਵੰਤ ਸਿੰਘ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਾਰਕਲਾਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ ਅਤੇ ਸਕੂਲ ਆਫ਼ ਐਮੀਨੈਂਸ ਲਮੀਨੀ ਦਾ ਦੌਰਾ ਕੀਤਾ ਗਿਆ ਜਦਕਿ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੇਗੋਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਰੋਟ ਜੈਮਲ ਸਿੰਘ ਅਤੇ ਸਕੂਲ ਆਫ਼ ਐਮੀਨੈਂਸ ਭੋਆ ਵਿੱਚ ਬਣੇ ਪ੍ਰੀਖਿਆ ਕੇਂਦਰਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਦੇਖਿਆ ਗਿਆ ਕਿ ਇਨ੍ਹਾਂ ਦਾਖ਼ਲਾ ਪ੍ਰੀਖਿਆਵਾਂ ਨੂੰ ਲੈਕੇ ਵਿਦਿਆਰਥੀਆਂ ਵਿੱਚ ਵਿਸ਼ੇਸ਼ ਉਤਸ਼ਾਹ ਪਾਇਆ ਗਿਆ ਹੈ ਅਤੇ ਉਹ ਆਪਣੇ ਸੁਨਹਿਰੀ ਭਵਿੱਖ ਲਈ ਇਨ੍ਹਾਂ ਸਕੂਲਾਂ ਵਿੱਚ ਦਾਖ਼ਲਾ ਲੈਣ ਲਈ ਤਤਪਰ ਨਜ਼ਰ ਆ ਰਹੇ ਸਨ। ਇਸ ਮੌਕੇ ਤੇ ਸੁਮੇਸ਼ ਸ਼ਰਮਾਂ, ਜਗਜੀਤ ਸਿੰਘ ਜ਼ਿਲ੍ਹਾ ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ ਆਦਿ ਹਾਜ਼ਰ ਸਨ।

# ਲੋਕ ਸਭਾ ਵਿੱਚ ਸੁਨਿਆਰਿਆਂ ਦਾ ਨੁਮਾਇੰਦਾ ਹੋਣਾ ਜ਼ਰੂਰੀ ਹੈ, ਦੇਸ਼ ਦੇ ਵਿਕਾਸ ਅਤੇ ਆਰਥਿਕਤਾ ਵਿੱਚ ਸੁਨਿਆਰਿਆਂ ਦਾ ਬਹੁਤ ਵੱਡਾ ਯੋਗਦਾਨ ਹੈ : ਨਾਮੇ ਸ਼ਾਹ, ਡਿੰਪੀ ਚੌਹਾਨ



**ਚੌਕ ਮਹਿਤਾ, 31 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਵਰਨਕਾਰ ਸੰਘ ਵਨ ਪੰਜਾਬ ਦੀ ਇਕ ਹੰਗਾਮੀ ਮੀਟਿੰਗ ਗੁਰੂ ਬਜਾਰ ਮੁੱਖ ਦਫਤਰ ਵਿਖੇ ਪੰਜਾਬ ਪ੍ਰਧਾਨ ਅਸ਼ਵਨੀ ਨਾਮਸ਼ਾਹ, ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕਾਲੇ ਸ਼ਾਹ ਅਤੇ ਸੂਬਾ ਮੀਤ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਦੀ ਅਗਵਾਈ ਵਿੱਚ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੂਰੇ ਭਾਰਤ ਵਿੱਚ ਲੱਖਾਂ-ਕਰੋੜਾਂ ਦੀ ਗਿਣਤੀ ਵਿੱਚ ਸੁਨਿਆਰੇ ਹਨ। ਦੇਸ਼ ਵਿੱਚ ਲੋਕ ਸਭਾ ਚੋਣਾਂ ਦਾ ਬਿਗਲ ਵਜਾ ਦਿੱਤਾ ਗਿਆ ਹੈ ਪਰ ਅੱਜ ਤੱਕ ਦੇਸ਼ ਦੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਨੇ ਕਿਸੇ ਵੀ ਸਵਰਨਕਾਰ ਨੂੰ ਲੋਕ ਸਭਾ ਦੀ ਟਿਕਟ ਨਹੀਂ ਦਿੱਤੀ ਹੈ। ਸੁਨਿਆਰਾ ਭਾਈਚਾਰਾ ਦੇਸ਼ ਦਾ ਇੱਕ ਵੱਡਾ ਸਮਾਜ ਹੈ।ਸਵਰਨਕਾਰਾ ਦਾ ਦੇਸ਼ ਦੇ ਵਿਕਾਸ ਅਤੇ ਆਰਥਿਕਤਾ ਵਿੱਚ ਬਹੁਤ ਵੱਡਾ ਯੋਗਦਾਨ ਹੈ। ਯਕੀਨਨ ਸੁਨਿਆਰਿਆਂ ਲਈ ਲੋਕ ਸਭਾ ਵਿੱਚ ਆਪਣਾ ਪ੍ਰਤੀਨਿਧ ਹੋਣਾ ਬਹੁਤ ਜ਼ਰੂਰੀ ਹੈ! ਡਿੰਪੀ ਚੌਹਾਨ ਨੇ ਦੱਸਿਆ ਕਿ ਪੰਜਾਬ ਦੇ ਹਰ ਲੋਕ ਸਭਾ ਹਲਕੇ ਵਿੱਚ 50 ਹਜ਼ਾਰ ਤੋਂ 1 ਲੱਖ ਤੋਂ ਵੱਧ ਸਵਰਨਕਾਰਾ ਦੀਆਂ ਵੋਟਾਂ ਹਨ। ਕੁਝ ਸੀਟਾਂ 'ਤੇ ਸਵਰਨਕਾਰਾ ਦੀਆਂ ਵੋਟਾਂ 2 ਲੱਖ ਤੋਂ ਵੀ ਵੱਧ ਹਨ! ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਆਲ ਇੰਡੀਆ ਸਸਵਰਨਕਾਰ ਸੰਘ ਦੇ ਕੌਮੀ ਪ੍ਰਧਾਨ ਕਸ਼ਮੀਰ ਸਿੰਘ ਰਾਜਪੂਤ ਨੂੰ ਗੁਰਦਾਸਪੁਰ ਤੋਂ ਭਾਜਪਾ ਦਾ ਉਮੀਦਵਾਰ ਬਣਾਇਆ ਜਾਵੇ, ਸੁਨਿਆਰੇ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਜਿੱਤ ਕੇ ਲੋਕ ਸਭਾ ਵਿੱਚ ਭੇਜਣਗੇ , ਤਾਂ ਕਿ ਪੰਜਾਬ ਅਤੇ ਦੇਸ਼ ਦੇ ਹੋਰ ਰਾਜਾਂ ਦੀਆਂ ਸਵਰਨਕਾਰ ਦੀਆਂ ਗੰਭੀਰ ਮੁਸ਼ਕਲਾਂ ਨੂੰ ਲੋਕ ਸਭਾ ਵਿੱਚ ਉਠਾਇਆ ਜਾ ਸਕੇ।ਉਨ੍ਹਾਂ ਨੂੰ ਲੋਕ ਸਭਾ ਵਿੱਚ ਚੁੱਕ ਕੇ ਹੱਲ ਕੀਤਾ ਜਾ ਸਕਦਾ ਹੈ! ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਮਨਮੋਹਨ ਸਿੰਘ ਡਿੰਪਲ ਰਾਜਪੂਤ, ਬਟਾਲਾ ਤੋਂ ਸੂਬਾ ਸੀਨੀਅਰ ਮੀਤ ਪ੍ਰਧਾਨ ਹਨੀ ਚੌਹਾਨ, ਜ਼ਿਲ੍ਹਾ ਜਨਰਲ ਸਕੱਤਰ ਇੰਦਰਪਾਲ ਆਰੀਆ, ਸੁਨੀਲ ਬੱਬਰ,ਰਾਹੁਲ ਨਿਸ਼ਚਲ, ਮੁਕੇਰੀਆਂ ਤੋਂ ਪ੍ਰਧਾਨ ਰਮੇਸ਼ ਵਰਮਾ, ਲੁਧਿਆਣਾ ਤੋਂ ਪ੍ਰਧਾਨ ਗੋਪਾਲ ਭੰਡਾਰੀ, ਫ਼ਿਰੋਜ਼ਪੁਰ ਤੋਂ ਪ੍ਰਧਾਨ ਰੌਬਿਨ ਸਿੰਘ, ਤਰਨਤਾਰਨ ਤੋਂ ਪ੍ਰਧਾਨ ਬੂਆ ਸਿੰਘ, ਅਸ਼ਵਨੀ ਮਹਿਤਾ, ਪ੍ਰਮੋਦ ਕਾਲੇਸ਼ਾਹ, ਨਰੇਸ਼ ਕੁਮਾਰ ਜੰਗੀ ਸਮੇਤ ਵੱਡੀ ਗਿਣਤੀ ਵਿੱਚ ਸੁਨਿਆਰਿਆਂ ਨੇ ਸ਼ਿਰਕਤ ਕੀਤੀ!




ਆਪ ਆਗੂ ਜਸਬੀਰ ਸਿੰਘ ਜੱਜ ਇੰਨਚਾਰਜ ਵਾਰਡ ਨੰ 12, ਸ, ਲਾਭ ਸਿੰਘ ਜਿਲਾ ਪ੍ਰਧਾਨ ਮੁਲਾਜ਼ਮ ਵਿੰਗ, ਆਪ ਆਗੂ ਦਲਜੀਤ ਕਲਸੀ ਸਮੇਤ ਆਪ ਆਗੂ ਦਿੱਲੀ ਵਿਖੇ ਕੇਂਦਰ ਸਰਕਾਰ ਵੱਲੋਂ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਸਰਾਬ ਘੁਟਾਲੇ ਮਾਮਲੇ ਵਿਚ ਫਸਾਉਣ ਦੇ ਮਾਮਲੇ ਚ ਰੱਖੀ ਲੋਕਤੰਤਰ ਬਚਾਓ ਰੈਲੀ ਚ ਸਾਮਿਲ ਹੋਏ। ਫੋਟੋ : ਰਣਜੀਤ ਸਿੰਘ ਪੇਧਨੀ